


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 17 ਦਸੰਬਰ 2024
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 127, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਡਾਕ ਵਿਭਾਗ ਦੇ ਕਾਮੇ ਮੰਗਲਵਾਰ ਤੋਂ ਕੰਮਾਂ ’ਤੇ ਪਰਤਣਗੇ

**ਵੈਨਕੂਵਰ,, ਲੋਕ ਬਾਣੀ-** ਪਿਛਲੇ ਇੱਕ ਮਹੀਨੇ ਤੋਂ ਹੜਤਾਲ ’ਤੇ ਗਏ ਕੈਨੇਡਾ ਪੋਸਟ (ਡਾਕ ਵਿਭਾਗ) ਦੇ 55 ਹਜ਼ਾਰ ਕਾਮੇ ਮੰਗਲਵਾਰ ਸਵੇਰੇ 8 ਵਜੇ ਤੋਂ ਕੰਮਾਂ ’ਤੇ ਪਰਤ ਆਉਂਗੇ। ਕਰਾਊਨ ਕਾਰਪੋਰੇਸ਼ਨ ਨੇ ਕਿਹਾ ਕਿ ਹੜਤਾਲੀ ਮੁਲਾਜ਼ਮਾਂ ਤੇ ਕੈਨੇਡਾ ਪੋਸਟ ਵਿੱਚ ਸੁਲ੍ਹਾ-ਸਫਾਈ ਲਈ ਚੱਲ ਰਹੀ ਗੱਲਬਾਤ ਵਿੱਚ ਖੜੋਤ ਆਉਣ ਮਗਰੋਂ ਕੈਨੇਡਾ ਉਦਯੋਗਿਕ ਸੰਪਰਕ ਬੋਰਡ ਦੇ ਦਖਲ ਤੋਂ ਬਾਅਦ ਕਰਮਚਾਰੀ ਮੰਗਲਵਾਰ ਤੋਂ ਆਪਣੇ ਕੰਮਾਂ ’ਤੇ ਵਾਪਸ ਆ ਜਾਣਗੇ।




ਕੈਨੇਡਾ ਪੋਸਟ ਨੇ ਕਿਹਾ ਕਿ ਸ਼ਨਿੱਚਰਵਾਰ ਦੀ ਸੁਣਵਾਈ ਤੋਂ ਬਾਅਦ, ਕੈਨੇਡਾ ਉਦਯੋਗਿਕ ਸੰਪਰਕ ਬੋਰਡ ਨੇ ਕੇਂਦਰੀ ਕਿਰਤ ਮੰਤਰੀ ਸਟੀਵਨ ਮੈਕਕਿਨਨ ਵੱਲੋਂ ਦਿੱਤੇ ਸੁਝਾਅ ਦੇ ਹੱਕ ਵਿੱਚ ਫੈਸਲਾ ਸੁਣਾਇਆ ਹੈ।

## Chrystia Freeland ਟਰੂਡੋ ਵਜ਼ਾਰਤ ਲਈ ਖ਼ਤਰੇ ਦੀ ਘੰਟੀ, ਉਪ ਪ੍ਰਧਾਨ ਮੰਤਰੀ ਵੱਲੋਂ ਅਸਤੀਫਾ

**ਵੈਨਕੂਵਰ, ਲੋਕ ਬਾਣੀ** - ਕੈਨੇਡਾ ਦੀ ਉੱਪ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫ੍ਰੀਲੈਂਡ ਨੇ ਅਹੁਦੇ ਤੋਂ ਅਸਤੀਫਾ ਦੇਣ ਦਾ ਐਲਾਨ ਕੀਤਾ ਹੈ। ਜਰਟਿਨ ਟਰੂਡੋ ਤੇ ਫ੍ਰੀਲੈਂਡ ਵਿਚਾਲੇ ਕਈ ਦਿਨਾਂ ਤੋਂ ਤਲਖੀ ਬਣੀ ਹੋਈ ਸੀ। ਅਸਤੀਫ਼ੇ ਮਗਰੋਂ ਫ੍ਰੀਲੈਂਡ ਨੇ ਕਿਹਾ ਕਿ ਉਹ ਅਗਲੀ ਚੋਣ ਵੀ ਆਪਣੇ ਪੁਰਾਣੇ ਹਲਕੇ ਤੋਂ ਹੀ ਲੜੇਗੀ । ਇਸ ਤੋਂ ਪਹਿਲਾਂ ਇਕ ਹੋਰ ਮੰਤਰੀ ਸਿਆਨ ਫਰੇਜ਼ਰ ਨੇ ਵੀ ਆਪਣਾ ਅਸਤੀਫਾ ਪ੍ਰਧਾਨ ਮੰਤਰੀ ਨੂੰ ਭੇਜ ਦਿੱਤਾ ਸੀ। ਤਿੰਨ ਸਾਲ ਪਹਿਲਾਂ ਅਵਾਸ



ਮੰਤਰੀ ਹੁੰਦਿਆਂ ਫਰੇਜ਼ਰ ਕੁਝ ਵਿਵਾਦਾਂ ਵਿੱਚ ਵੀ ਘਿਰੇ ਸਨ। ਦੋ ਮੰਤਰੀਆਂ ਵੱਲੋਂ ਦਿੱਤੇ ਅਸਤੀਫ਼ੇ ਟਰੂਡੋ ਵਜ਼ਾਰਤ ਲਈ ਖ਼ਤਰੇ ਦੀ ਘੰਟੀ ਸਮਝੇ ਜਾ ਰਹੇ ਹਨ।

## 11 Indians died ਜੌਰਜੀਆ ਵਿਚ ਸ਼ੱਕੀ ਕਾਰਬਨ ਮੋਨੋਆਕਸਾਈਡ ਗੈਸ ਕਰਕੇ 11 ਭਾਰਤੀਆਂ ਦੀ ਮੌਤ

**ਦਿੱਲੀ, ਲੋਕ ਬਾਣੀ-**ਜੌਰਜੀਆ ਵਿਚ ਗੁਦੌਰੀ ਦੇ ਸਕੀ ਰਿਜ਼ੌਰਟ ’ਚ ਭਾਰਤੀ ਰੈਸਟੋਰੈਂਟ ਵਿਚ ਸ਼ੱਕੀ ਕਾਰਬਨ ਮੋਨੋਆਕਸਾਈਡ ਗੈਸ ਕਰਕੇ 11 ਭਾਰਤੀ ਨਾਗਰਿਕਾਂ ਸਣੇ 12 ਵਿਅਕਤੀਆਂ ਦੀ ਮੌਤ ਹੋ ਗਈ। ਇਹ ਸਾਰੇ ਪੀੜਤ ਜੌਰਜੀਆ–ਰੂਸ ਬਾਰਡਰ ਉੱਤੇ ਗੁਦੌਰੀ ਵਿਚ ਭਾਰਤੀ ਰੈਸਟੋਰੈਂਟ ‘ਹਵੇਲੀ’ ਦੇ ਮੁਲਾਜ਼ਮ ਦੱਸੇ ਜਾਂਦੇ ਹਨ। ਜੌਰਜੀਆ ਸਥਿਤ ਭਾਰਤੀ




ਅੰਬੈਸੀ ਨੇ ਕਿਹਾ ਕਿ ਉਸ ਨੂੰ ਗੁਦੌਰੀ ਵਿਚ ਭਾਰਤੀ ਨਾਗਰਿਕਾਂ ਦੀ ਮੌਤ ਬਾਰੇ ਪਤਾ ਲੱਗਾ ਹੈ।

## ਕਿਸਾਨ ਆਗੂ ਡੱਲੇਵਾਲ ਦੀ ਗੰਭੀਰ ਹਾਲਤ ਵੱਲ ਸਰਕਾਰ ਦੇਵੇ ਧਿਆਨ - ਭੁਪਿੰਦਰ ਸਿੰਘ ਹੁੱਡਾ

**ਰੋਹਤਕ (ਹਰਿਆਣਾ), ਲੋਕ ਬਾਣੀ-** ਕਿਸਾਨਾਂ ਦੇ ਪ੍ਰਦਰਸ਼ਨ ਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸ ਨੇਤਾ ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਡੱਲੇਵਾਲ ਦੀ ਹਾਲਤ ਗੰਭੀਰ ਹੈ, ਸਰਕਾਰ ਨੂੰ ਧਿਆਨ ਦੇਣਾ ਚਾਹੀਦਾ ਹੈ ਅਤੇ ਇਸਦਾ ਹੱਲ ਕੱਢਣਾ ਚਾਹੀਦਾ ਹੈ। ਸਰਹੱਦ ਤੇ (ਕਿਸਾਨਾਂ) ਨੂੰ ਰੋਕਣਾ ਗੈਰ–ਜਮਹੂਰੀ ਹੈ। ਸ਼ੁਰੂ ਵਿਚ, ਉਨ੍ਹਾਂ ਨੂੰ ਟਰੈਕਟਰ–ਟਰਾਲੀਆਂ




ਨਾਲ ਨਾ ਆਉਣ ਲਈ ਕਿਹਾ ਗਿਆ ਸੀ, ਹੁਣ ਉਨ੍ਹਾਂ ਨੂੰ ਰੋਕਣਾ ਗਲਤ ਹੈ।

## ਪੰਜਾਬ ਵੇਅਰ ਹਾਊਸਿੰਗ ਕਾਰਪੋਰੇਸ਼ਨ ਦਾ ਇੰਸਪੈਕਟਰ 45 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਕਾਬੂ

**ਫ਼ਿਰੋਜ਼ਪੁਰ, ਲੋਕ ਬਾਣੀ--** ਸੂਬੇ ’ਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਫ਼ਿਰੋਜ਼ਪੁਰ ਵਿਖੇ ਤਾਇਨਾਤ ਪੰਜਾਬ ਰਾਜ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਇੰਸਪੈਕਟਰ ਅਮਿਤ ਕੁਮਾਰ ਕੱਕੜ ਨੂੰ 45 ਹਜ਼ਾਰ ਰੁਪਏ



ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ। ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ ਉਕਤ ਮੁਲਜ਼ਮ ਨੂੰ ਫ਼ਿਰੋਜ਼ਪੁਰ ਦੇ ਇਕ ਆੜ੍ਹਤੀ ਮੋਹਨ ਲਾਲ ਵਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ

## ਬੀਬਾ ਹਰਸਿਮਰਤ ਕੌਰ ਬਾਦਲ ਨੇ ਕੇਂਦਰ ਸਰਕਾਰ ਨੂੰ ਕਿਸਾਨੀ ਮੰਗਾਂ ਮੰਨਣ ਦੀ ਕੀਤੀ ਅਪੀਲ

**ਨਵੀਂ ਦਿੱਲੀ, ਲੋਕ ਬਾਣੀ-** ਅੱਜ ਸੰਸਦ ਵਿਚ ਐਮ.ਪੀ. ਬੀਬਾ ਹਰਸਿਮਰਤ ਕੌਰ ਬਾਦਲ ਨੇ ਸੀਨੀਅਰ ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਦੀ ਖ਼ਰਾਬ ਸਿਹਤ ਦਾ ਮੁੱਦਾ ਉਠਾਉਂਦਿਆਂ ਕੇਂਦਰ ਸਰਕਾਰ ਨੂੰ ਘੱਟੋ–ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਗਾਰੰਟੀ ਬਣਾਉਣ ਸਮੇਤ ਕਿਸਾਨਾਂ ਦੀਆਂ ਮੰਗਾਂ ਮੰਨਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸ



ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚਾਰ ਸਾਲ ਪਹਿਲਾਂ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਦਿਆਂ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਮੰਨਣ ਲਈ ਸਹਿਮਤੀ ਦਿੱਤੀ ਸੀ

## ਢਾਬੇ ਦੇ ਬਾਹਰ ਖੜ੍ਹੀ ਸਰਕਾਰੀ ਬੱਸ ਚੋਰੀ ਕਰਨ ਵਾਲਾ ਇਕ ਕਾਬੂ

**ਫਿਰੋਜ਼ਪੁਰ ਲੋਕ ਬਾਣੀ--**ਗੁਰੂਹਰਸਹਾਏ ਸ਼ਹਿਰ ਵਿਚ ਚੋਰਾਂ ਵਲੋਂ ਘਰਾਂ ਤੇ ਦੁਕਾਨਾਂ ਵਿਚ ਚੋਰੀ ਕਰਨ ਦੇ ਮਾਮਲੇ ਅਕਸਰ ਹੀ ਸਾਹਮਣੇ ਆਉਂਦੇ ਰਹਿੰਦੇ ਹਨ ਪਰ ਹੁਣ ਚੋਰਾਂ ਵਲੋਂ ਇਕ ਸਰਕਾਰੀ ਬੱਸ ਨੂੰ ਚੋਰੀ ਕਰਨ ਦਾ ਨਵਾਂ ਮਾਮਲਾ ਸਾਹਮਣੇ ਆਇਆ ਹੈ, ਜਿਸ ਤੇ ਥਾਣਾ ਗੁਰੂਹਰਸਹਾਏ ਦੀ ਪੁਲਿਸ ਨੇ ਕਾਰਵਾਈ ਕਰਦੇ ਹੋਏ 2 ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਬੱਸ ਚੋਰੀ ਕਰਨ ਵਾਲੇ ਚੋਰ ਗਰੋਹ ਦੇ 1 ਮੈਂਬਰ ਨੂੰ ਕਾਬੂ ਕਰਨ ’ਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦਿਆਂ ਥਾਣਾ ਮੁਖੀ ਜਸਵਿੰਦਰ



ਸਿੰਘ ਬਰਾੜ ਨੇ ਦੱਸਿਆ ਕਿ ਭਜਨ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਆਤੂ ਵਾਲਾ ਨੇ ਪੁਲਿਸ ਨੂੰ ਦਿੱਤੇ ਬਿਆਨਾਂ ’ਚ ਕਿਹਾ ਕਿ 14 ਦਸੰਬਰ ਦੀ ਸ਼ਾਮ ਨੂੰ ਸਵਾ 8 ਵਜੇ ਦੇ ਕਰੀਬ ਆਪਣੇ ਸਾਥੀ ਕੰਡਕਟਰ ਨਾਲ ਸਰਕਾਰੀ ਬੱਸ ਗੁਰੂ ਨਾਨਕ ਸ਼ੁੱਧ ਵੈਸ਼ਨੂੰ ਢਾਬਾ ਗੋਲੂ ਕਾ ਮੋੜ ਵਿਖੇ ਖੜ੍ਹੀ ਕਰਕੇ ਰੋਟੀ ਖਾਣ ਲਈ ਚਲੇ ਗਏ

## ਕੰਪਿਊਟਰ ਅਧਿਆਪਕਾਂ ਨੇ ਮੁੱਖ ਮੰਤਰੀ ਦੀ ਕੋਠੀ ਅੱਗੇ ਠੰਢ ’ਚ ਗੁਜ਼ਾਰੀ ਰਾਤ

ਸੰਗਰੂਰ-ਮੁੱਖ ਮੰਤਰੀ ਦੀ ਕੋਠੀ ਨੇੜੇ ਪੱਕੇ ਮੋਰਚੇ ’ਤੇ ਡਟੇ ਕੰਪਿਊਟਰ ਅਧਿਆਪਕਾਂ ਨੇ ਕੜਾਕੇ ਦੀ ਠੰਢ ’ਚ ਦੂਜੀ ਰਾਤ ਵੀ ਖੁੱਲ੍ਹੇ ਆਸਮਾਨ ਹੇਠ ਸੜਕ ਉਪਰ ਹੀ ਗੁਜ਼ਾਰੀ। ਕੰਪਿਊਟਰ ਅਧਿਆਪਕ ਪਿਛਲੇ ਤਿੰਨ ਦਿਨਾਂ ਤੋਂ ਡੀ.ਏ. ਬਹਾਲ ਕਰਾਉਣ ਲਈ ਜਿਥੇ ਮੁੱਖ ਮੰਤਰੀ ਦੀ ਕੋਠੀ ਅੱਗੇ ਸੜਕ ਉਪਰ ਡਟੇ ਹੋਏ ਹਨ ਉਥੇ ਡੀ.ਸੀ. ਦਫ਼ਤਰ ਅੱਗੇ 107 ਦਿਨਾਂ ਤੋਂ ਲੜੀਵਾਰ ਭੁੱਖ ਹੜਤਾਲ ਵੀ ਜਾਰੀ ਹੈ। ਅੱਜ ਸੈਂਕੜੇ ਕੰਪਿਊਟਰ ਅਧਿਆਪਕਾਂ ਵਲੋਂ ਸਰਕਾਰ ਦੇ ਅੜੀਅਲ ਵਤੀਰੇ ਖ਼ਿਲਾਫ਼ ਮਸ਼ਾਲ ਮਾਰਚ ਕੀਤਾ ਗਿਆ ਅਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸੰਘਰਸ਼ ਕਮੇਟੀ



ਨੇ ਪੰਜਾਬ ਦੇ ਸਮੂਹ ਕੰਪਿਊਟਰ ਅਧਿਆਪਕਾਂ ਨੂੰ ਭਲਕੇ 17 ਦਸੰਬਰ ਨੂੰ ਸਮੂਹਿਕ ਛੁੱਟੀ ਲੈ ਕੇ ਪਰਿਵਾਰਾਂ ਸਮੇਤ ਮੁੱਖ ਮੰਤਰੀ ਕੋਠੀ ਅੱਗੇ ਸੂਬਾ ਪੱਧਰੀ ਐਕਸ਼ਨ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ ਆਯੋਜਿਤ ਸਲਾਨਾ ਸਮਾਗਮ ਵਿੱਚ ਕੀਤੀ ਸ਼ਿਰਕਤ

ਚੰਡੀਗੜ੍ਹ, (ਲੋਕ ਬਾਣੀ) ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅੱਜ ਤਰਨ ਤਾਰਨ ਵਿਖੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ ਆਯੋਜਿਤ ਸਲਾਨਾ ਸਮਾਗਮ ਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨ ਪਹੁੰਚੇ। ਸਮਾਗਮ ਦੌਰਾਨ ਉਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਕੰਮ ਕਰਨ ਵਾਲੇ ਦਿਵਿਆਂਗਜਨਾਂ ਨੂੰ ਸਨਮਾਨਿਤ ਵੀ ਕੀਤਾ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦਿਵਿਆਂਗਜਨਾਂ ਦੇ ਸਵੈ-ਅਧਿਕਾਰ ਅਤੇ ਸਮਾਜ ਵਿੱਚ ਉਨ੍ਹਾਂ ਦੇ ਸਮੂਹਿਕ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗਜਨਾਂ ਦੇ ਹੱਕਾਂ ਦੀ ਰੱਖਿਆ, ਸਿੱਖਿਆ, ਰੋਜ਼ਗਾਰ ਅਤੇ ਸਿਹਤ ਸਹੂਲਤਾਂ ਦੇ ਪ੍ਰਦਾਨ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ।

ਮੰਤਰੀ ਨੇ ਦਿਵਿਆਂਗਜਨ ਭਲਾਈ ਸਕੀਮਾਂ, ਜਿਵੇਂ ਕਿ ਪੈਨਸ਼ਨ ਯੋਜਨਾ, ਮੁਫਤ ਸਫਰ ਸਹੂਲਤ, ਸਵੈ-ਰੋਜ਼ਗਾਰ ਯੋਜਨਾਵਾਂ ਆਦਿ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਦਿਵਿਆਂਗਜਨਾਂ ਦੀ ਭਲਾਈ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਮੀਨੀ ਪੱਧਰ ਤੇ ਨਵੀਂ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਸਮਾਗਮ ਦੌਰਾਨ ਕਮੇਟੀ ਦੇ ਮੈਂਬਰਾਂ ਨੇ ਪਿਛਲੇ ਅਰਸੇ ਦੌਰਾਨ ਦਿਵਿਆਂਗਜਨਾਂ ਦੀਆਂ ਕਈ ਮੰਗਾਂ ਨੂੰ ਪੂਰਾ ਕਰਨ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਧੰਨਵਾਦ ਕੀਤਾ ਅਤੇ



ਕਈ ਹੋਰ ਮੁੱਦਿਆਂ ਨੂੰ ਉਨ੍ਹਾਂ ਸਾਹਮਣੇ ਰੱਖਿਆ ਅਤੇ ਮੰਤਰੀ ਨੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਭਰੋਸਾ ਦਿੱਤਾ।

# ਪੰਜਾਬ ਦੀ ਧੀ ਨੇ ਵਧਾਇਆ ਮਾਣ, ਖਮਾਣੋਂ ਦੀ ਅਰਸ਼ਦੀਪ ਕੌਰ ਬਣੀ ਭਾਰਤੀ ਹਵਾਈ ਸੈਨਾ ਵਿੱਚ ਫਲਾਇੰਗ ਅਫ਼ਸਰ

ਚੰਡੀਗੜ੍ਹ, (ਲੋਕ ਬਾਣੀ) ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.) ਫਾਰ ਗਰਲਜ਼, ਐਸ.ਏ.ਐਸ. ਨਗਰ (ਮੋਹਾਲੀ) ਦੀ ਕੈਡਿਟ ਅਰਸ਼ਦੀਪ ਕੌਰ ਭਾਰਤੀ ਹਵਾਈ ਸੈਨਾ ਵਿੱਚ ਫਲਾਇੰਗ ਅਫਸਰ ਬਣ ਗਈ ਹੈ। ਏਅਰ ਫੋਰਸ ਅਕੈਡਮੀ, ਡੁੰਡੀਗਲ (ਹੈਦਰਾਬਾਦ) ਵਿਖੇ ਸਿਖਲਾਈ ਮੁਕੰਮਲ ਹੋਣ ਉਤੇ ਅੱਜ ਉਸ ਨੇ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ। ਇਸ ਪ੍ਰਭਾਵਸ਼ਾਲੀ ਪਰੇਡ ਦਾ ਨਿਰੀਖਣ ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਏ.ਪੀ. ਸਿੰਘ, ਪੀ.ਵੀ.ਐਸ.ਐਮ., ਏ.ਵੀ.ਐਸ.ਐਮ. ਨੇ ਕੀਤਾ।

ਭਾਰਤੀ ਹਵਾਈ ਸੈਨਾ ਦੀ ਮੈਟਰੀਓਲੋਜੀ ਬ੍ਰਾਂਚ ਵਿੱਚ ਫਲਾਇੰਗ ਅਫਸਰ ਵਜੋਂ ਨਿਯੁਕਤ ਅਰਸ਼ਦੀਪ ਕੌਰ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਖਮਾਣੋਂ ਵਾਸੀ ਦਲਜਿੰਦਰ ਪਾਲ ਸਿੰਘ ਦੀ ਧੀ ਹੈ, ਜੋ ਬਿਜ਼ਨਸਮੈਨ ਹਨ।

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਫਲਾਇੰਗ ਅਫਸਰ ਅਰਸ਼ਦੀਪ ਕੌਰ ਨੂੰ ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਉਸਦੀ ਸਫਲਤਾ ਪੰਜਾਬ ਦੀਆਂ ਹੋਰ ਧੀਆਂ ਨੂੰ ਵੀ ਰੱਖਿਆ ਸੇਵਾਵਾਂ ਕਰੀਅਰ ਬਣਾਉਣ ਲਈ ਪ੍ਰੇਰਿਤ ਕਰੇਗੀ।



ਇਸ ਸੰਸਥਾ ਦੇ ਕੈਡਿਟਾਂ ਦੇ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣਨ ਤੇ ਤਸੱਲੀ ਪ੍ਰਗਟ ਕਰਦਿਆਂ ਮਾਈ ਭਾਗੋ ਏ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏ.ਵੀ.ਐਸ.ਐਮ. (ਸੇਵਾਮੁਕਤ) ਨੇ ਫਲਾਇੰਗ ਅਫਸਰ ਅਰਸ਼ਦੀਪ ਕੌਰ ਨੂੰ ਭਾਰਤੀ ਹਵਾਈ ਸੈਨਾ ਵਿੱਚ ਉਸਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਰਿਸ਼ਵਤ ਦੇ ਮਾਮਲੇ ਚ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਮੈਨ ਨੂੰ ਭੇਜਿਆ ਜੇਲ੍ਹ, ਪੀਏ ਇਕ ਦਿਨ ਦੇ ਰਿਮਾਂਡ ਤੇ

ਚੰਡੀਗੜ੍ਹ-(ਲੋਕ ਬਾਣੀ)- ਇੱਕ ਲੱਖ ਰੁਪਏ ਦੇ ਰਿਸ਼ਵਤ ਮਾਮਲੇ ਵਿੱਚ ਫਸੇ ਹਰਿਆਣਾ ਮਹਿਲਾ ਕਮਿਸ਼ਨ ਦੀ ਉਪ ਪ੍ਰਧਾਨ ਸੋਨੀਆ ਅਗਰਵਾਲ ਅਤੇ ਪੀਏ ਕੁਲਬੀਰ ਬੈਨੀਵਾਲ ਨੂੰ ਐਤਵਾਰ ਨੂੰ ਸੋਨੀਪਤ ਵਿੱਚ ਡਿਊਟੀ ਮੈਜਿਸਟਰੇਟ ਦੇ ਸਾਹਮਣੇ ਪੇਸ਼ ਕੀਤਾ ਗਿਆ। ਅਦਾਲਤ ਨੇ ਸੋਨੀਆ ਨੂੰ ਜੇਲ੍ਹ ਭੇਜ ਦਿੱਤਾ, ਜਦਕਿ ਕੁਲਬੀਰ ਨੂੰ ਇਕ ਦਿਨ ਦੇ ਰਿਮਾਂਡ ਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਦੇ ਹਵਾਲੇ ਕਰ ਦਿੱਤਾ ਗਿਆ।

ਸੋਨੀਆ ਨੂੰ ਅੱਜ ਸਵੇਰੇ ਸੋਨੀਪਤ ਮਹਿਲਾ ਥਾਣੇ ਤੋਂ ਵਿਜੀਲੈਂਸ ਦਫ਼ਤਰ ਲਿਆਂਦਾ ਗਿਆ। ਫਿਰ ਸੋਨੀਆ ਨੇ ਕਿਹਾ- ਮੈਨੂੰ ਫਸਾਇਆ ਗਿਆ ਹੈ, ਜਲਦੀ ਹੀ ਸਾਬਤ ਕਰ ਦੇਵਾਂਗੀ। ਇਸ ਦੌਰਾਨ ਉਨ੍ਹਾਂ ਦਾ ਪੀਏ ਕੁਲਬੀਰ ਵੀ ਉਨ੍ਹਾਂ ਦੇ ਨਾਲ ਸੀ।

ਦਰਅਸਲ, ਏਸੀਬੀ ਨੇ ਸ਼ਨੀਵਾਰ ਨੂੰ ਦੋਹਾਂ ਨੂੰ 1 ਲੱਖ ਰੁਪਏ ਦੇ ਰਿਸ਼ਵਤ ਦੇ ਮਾਮਲੇ ਚ ਗ੍ਰਿਫਤਾਰ ਕੀਤਾ ਸੀ। ਇਸ ਤੋਂ ਪਹਿਲਾਂ ਸੋਨੀਆ ਅਗਰਵਾਲ ਦੀ ਖਰਖੌਦਾ ਸਥਿਤ ਰਿਹਾਇਸ਼ ਤੇ ਵੀ ਛਾਪੇਮਾਰੀ ਕੀਤੀ ਗਈ ਸੀ ਪਰ ਉਸ ਦੇ ਘਰ ਦੀ ਤਲਾਸ਼ੀ ਦੌਰਾਨ ਕੋਈ ਪੈਸਾ ਬਰਾਮਦ ਨਹੀਂ ਹੋਇਆ ਸੀ।

ਇਲਜ਼ਾਮ ਹੈ ਕਿ ਸੋਨੀਆ ਦੇ ਪੀਏ ਕੁਲਬੀਰ ਨੇ ਹਿਸਾਰ ਵਿੱਚ ਇੱਕ ਜੇਬੀਟੀ ਅਧਿਆਪਕ ਤੋਂ 1 ਲੱਖ ਰੁਪਏ ਲਏ ਸਨ। ਸ਼ਿਕਾਇਤਕਰਤਾ ਅਧਿਆਪਕਾ ਦਾ ਕਹਿਣਾ ਹੈ ਕਿ ਪੈਸੇ ਲੈਣ ਤੋਂ ਬਾਅਦ ਪੀਏ ਨੇ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਮੈਨ ਸੋਨੀਆ ਅਗਰਵਾਲ ਨੂੰ ਫੋਨ ਕਰਕੇ ਮਾਮਲਾ ਨਿਪਟਾਉਣ ਲਈ ਕਿਹਾ ਸੀ।



ਇਸ ਦੇ ਨਾਲ ਹੀ ਇਸ ਮਾਮਲੇ ਤੇ ਹਰਿਆਣਾ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰੇਣੂ ਭਾਟੀਆ ਦਾ ਬਿਆਨ ਵੀ ਸਾਹਮਣੇ ਆਇਆ ਹੈ, ਜਿਸ ਚ ਉਨ੍ਹਾਂ ਨੇ ਇਸ ਪੂਰੇ ਮਾਮਲੇ ਨੂੰ ਮੰਦਭਾਗਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਅਜਿਹਾ ਨਹੀਂ ਹੋਣਾ ਚਾਹੀਦਾ ਸੀ। ਅਜਿਹੀਆਂ ਗੱਲਾਂ ਵਿਭਾਗ ਦਾ ਨਾਂ ਬਦਨਾਮ ਕਰਦੀਆਂ ਹਨ। ਇਸ ਵਿਭਾਗ ਵਿੱਚ ਪਾਰਦਰਸ਼ਤਾ ਨਾਲ ਕੰਮ ਕੀਤਾ ਜਾਵੇ।

# ਕੇਂਦਰ ਸਰਕਾਰ ਤੁਰੰਤ ਕਿਸਾਨਾਂ ਦੀਆਂ ਮੰਗਾਂ ਮੰਨੇ : ਵਰਿੰਦਰਪਾਲ ਸਿੰਘ ਬਰੜਵਾਲ



ਧੂਰੀ (ਲੋਕ ਬਾਣੀ) ਕਿਸਾਨੀ ਮੰਗਾਂ ਨੂੰ ਲੈ ਕੇ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਨਾਜ਼ੁਕ ਬਣੀ ਹੋਈ ਹੈ ਅਤੇ ਕੇਂਦਰ ਸਰਕਾਰ ਨੂੰ ਆਪਣੀ ਜਿੱਦ ਛੱਡ ਕੇ ਕਿਸਾਨੀ ਮੰਗਾਂ ਸੰਬੰਧੀ ਤੁਰੰਤ ਗੌਰ ਕਰਨਾ ਚਾਹੀਦਾ ਹੈ ਅਤੇ ਤੁਰੰਤ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ , ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਆਗੂ ਵਰਿੰਦਰਪਾਲ ਸਿੰਘ ਢੀਂਡਸਾ ਬਰੜਵਾਲ ਨੇ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਅਵੇਸਲੇਪਣ ਕਾਰਨ ਕਿਸਾਨਾਂ ਵਿਚ ਰੋਸ ਦਿਨੋਂ-ਦਿਨ ਵਧ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਨੂੰ ਕਿਸਾਨ ਆਗੂ ਦੀ ਨਾਜ਼ੁਕ ਸਿਹਤ ਨੂੰ ਵੇਖਦਿਆਂ ਗੰਭੀਰ ਹੋਣ ਦੀ ਲੋੜ ਹੈ । ਉਨ੍ਹਾਂ ਕਿਹਾ ਕਿ ਕਿਸਾਨ ਇਸ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ , ਜਿਸ ਨੂੰ ਅਜਾਈਂ ਨਹੀਂ ਛੱਡਿਆ ਜਾ ਸਕਦਾ , ਇਸ ਲਈ ਕੇਂਦਰ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਕਿਸਾਨਾਂ ਨਾਲ ਗੱਲ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰਨਾ ਚਾਹੀਦਾ ਹੈ ।

# ਕਿਸਾਨਾਂ ਨੇ ਪੰਜਾਬ ਭਰ ਚ ਰੇਲਾਂ ਦਾ ਚੱਕਾ ਜਾਮ ਕਰਨ ਦਾ ਕੀਤਾ ਐਲਾਨ



ਚੰਡੀਗੜ੍ਹ-(ਲੋਕ ਬਾਣੀ) ਹਰਿਆਣਾ-ਪੰਜਾਬ ਦੇ ਸ਼ੰਭੂ ਸਰਹੱਦ ਤੋਂ ਰਵਾਨਾ ਹੋਏ 101 ਕਿਸਾਨਾਂ ਦੇ ਜਥੇ ਨੂੰ 2 ਘੰਟੇ ਬਾਅਦ ਵਾਪਸ ਬੁਲਾ ਲਿਆ ਗਿਆ। ਕਿਸਾਨ ਦੁਪਹਿਰ 12 ਵਜੇ ਦਿੱਲੀ ਲਈ ਰਵਾਨਾ ਹੋ ਗਏ। ਪੁਲੀਸ ਨੇ ਘੱਗਰ ਦਰਿਆ ’ਤੇ ਬਣੇ ਪੁਲ ’ਤੇ ਬੈਰੀਕੇਡ ਲਾ ਕੇ ਉਨ੍ਹਾਂ ਨੂੰ ਰੋਕ ਲਿਆ।40 ਮਿੰਟ ਤੱਕ ਪੁਲੀਸ ਨਾਲ ਬਹਿਸ ਕਰਨ ਤੋਂ ਬਾਅਦ ਕਿਸਾਨਾਂ ਨੇ ਬੈਰੀਕੇਡ ਤੋੜਨ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਪੁਲਿਸ ਨੇ ਅੱਥਰੂ ਗੈਸ ਅਤੇ ਵਾਟਰ ਕੈਨਨ ਦੀ ਵਰਤੋਂ ਕੀਤੀ। ਜਿਸ ਵਿੱਚ 10 ਕਿਸਾਨ ਜ਼ਖਮੀ ਹੋਏ ਹਨ।

ਇਸ ਦੌਰਾਨ ਕਿਸਾਨਾਂ ਵਲੋਂ ਪੰਜਾਬ ਭਰ ਵਿਚ ਰੇਲਾਂ ਰੋਕਣ ਦਾ ਐਲਾਨ ਕੀਤਾ ਗਿਆ ਹੈ। ਸ਼ੰਭੂ ਮੋਰਚੇ ਤੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 18 ਦਸੰਬਰ ਨੂੰ ਦੁਪਹਿਰ 12 ਤੋਂ 3 ਵਜੇ ਤੱਕ ਅਸੀਂ ਰੇਲਾਂ ਰੋਕਾਂਗੇ ਤੇ ਉਸ ਤੋਂ ਬਾਅਦ ਅਗਲੀ ਰਣਨੀਤੀ ਉਲੀਕਾਗੇਂ।

# ਬਲੱਡ ਬੈਂਕ ਫਗਵਾੜਾ 'ਚ ਲਗਾਇਆ ਦੰਦਾਂ ਤੇ ਜਬਾੜਿਆਂ ਦਾ 443ਵਾਂ ਲੜੀਵਾਰ ਕੈਂਪ



ਫਗਵਾੜਾ 16 ਦਸੰਬਰ ( ਸੁਸ਼ੀਲ ਸ਼ਰਮਾ ) ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 443ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਰੋਟਰੀ ਕਲੱਬ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸਤਪਾਲ ਸੇਠੀ ਵਲੋਂ ਕੀਤਾ ਗਿਆ। ਉਹਨਾਂ ਨੇ ਆਪਣੇ ਕਰ ਕਮਲਾਂ ਨਾਲ 2 ਲੋੜਵੰਦਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ ਅਤੇ ਬਲੱਡ ਬੈਂਕ ਵਲੋਂ ਲੋਕ ਸੇਵਾ ਵਿਚ ਦਿੱਤੇ ਜਾ ਰਹੇ ਸਹਿਯੋਗ ਦੀ ਸ਼ਲਾਘਾ ਕੀਤੀ। ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 120 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਿਆ ਗਿਆ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 2 ਜਨਵਰੀ ਦਿਨ ਵੀਰਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਤਾਰਾ ਚੰਦ ਚੁੰਬਰ, ਵਿਸ਼ਵਾ ਮਿੱਤਰ ਸ਼ਰਮਾ, ਕ੍ਰਿਸ਼ਨ ਕੁਮਾਰ, ਕੁਲਦੀਪ ਦੁੱਗਲ, ਗੁਲਸ਼ਨ ਕਪੂਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਨਰਿੰਦਰ ਸਿੰਘ ਸੈਣੀ, ਅਜੀਤ ਪਾਲ ਸਿੰਘ ਕੋਚਰ ਆਦਿ ਹਾਜ਼ਰ ਸਨ।

# ਆਰ.ਟੀ.ਏ. ਦਫ਼ਤਰ ਪਠਾਨਕੋਟ ਦੇ ਦੋ ਮੁਲਾਜ਼ਮ 5500 ਰੁਪਏ ਰਿਸ਼ਵਤ ਲੈਂਦੇ ਵਿਜੀਲੈਂਸ ਬਿਊਰੋ ਵੱਲੋਂ ਕਾਬੂ




ਗੁਰਦਾਸਪੁਰ-ਨਵਨੀਤ ਕੁਮਾਰ - ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਰਜਿਸਟ੍ਰੇਸ਼ਨ ਅਤੇ ਟ੍ਰਾਂਸਪੋਰਟ ਅਥਾਰਟੀ (ਆਰ.ਟੀ.ਏ.) ਦਫ਼ਤਰ ਪਠਾਨਕੋਟ ਵਿਖੇ ਤਾਇਨਾਤ ਡਾਟਾ ਐਂਟਰੀ ਆਪਰੇਟਰ ਜਤਿੰਦਰ ਕੁਮਾਰ ਅਤੇ ਮੁਕੇਸ਼ ਨੂੰ 5500 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਸੁਰਜੀਤ ਕੁਮਾਰ ਵਾਸੀ ਪਿੰਡ ਮਨਵਾਲ, ਜ਼ਿਲ੍ਹਾ ਪਠਾਨਕੋਟ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਮੁਲਜ਼ਮਾਂ ਨੇ ਉਸਦੀ ਹਿਮਾਚਲ ਪ੍ਰਦੇਸ਼ ਨੰਬਰ ਗੱਡੀ ਨੂੰ ਪੰਜਾਬ ਰਜਿਸਟ੍ਰੇਸ਼ਨ ਨੰਬਰ ਵਿੱਚ ਤਬਦੀਲ ਬਦਲੇ 5500 ਰੁਪਏ ਰਿਸ਼ਵਤ ਦੀ ਮੰਗ ਕੀਤੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਉਕਤ ਦੋਵੇਂ ਮੁਲਜ਼ਮਾਂ ਨੂੰ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 5500 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਥਾਣਾ, ਅੰਮ੍ਰਿਤਸਰ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਸੈਂਸਰ ਦੇਰੀ ਕਾਰਨ ਭਾਰਤ ਵਿੱਚ ਅਜੇ ਨਹੀਂ ਰਿਲੀਜ਼ ਹੋਵੇਗੀ ਪੰਜਾਬੀ ਫਿਲਮ ਕਰਮੀ ਆਪੋ ਆਪਣੀ



ਬਹੁਤ ਹੀ ਉਡੀਕੀ ਜਾ ਰਹੀ ਪੰਜਾਬੀ ਫਿਲਮ ਕਰਮੀ ਆਪੋ ਆਪਣੀ ਦੇ ਨਿਰਮਾਤਾਵਾਂ ਨੇ ਭਾਰਤ ਲਈ ਫਿਲਮ ਦੇ ਰਿਲੀਜ਼ ਸ਼ਡਿਊਲ ਵਿੱਚ ਬਦਲਾਅ ਦਾ ਐਲਾਨ ਕੀਤਾ ਹੈ। ਸ਼ੁਰੂਆਤੀ ਤੌਰ ਤੇ ਫਿਲਮ ਦਸੰਬਰ ਵਿੱਚ ਰਿਲੀਜ਼ ਹੋਣ ਵਾਲੀ ਸੀ, ਪਰ ਸੈਂਸਰ ਦੀ ਦੇਰੀ ਕਾਰਨ ਇਹ ਫਿਲਮ ਮੱਧ ਜਨਵਰੀ 2025 ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਇਸ ਫੈਸਲੇ ਦਾ ਉਦੇਸ਼ ਦਰਸ਼ਕਾਂ ਲਈ ਦੇਖਣ ਦੇ ਅਨੁਕੂਲ ਅਨੁਭਵ ਅਤੇ ਪ੍ਰਚਾਰ ਸੰਬੰਧੀ ਗਤੀਵਿਧੀਆਂ ਦੇ ਨਾਲ ਸਹੀ ਤਾਲਮੇਲ ਨੂੰ ਯਕੀਨੀ ਬਣਾਉਣਾ ਹੈ।

ਇਸ ਦੌਰਾਨ, ਕਰਮੀ ਆਪੋ ਆਪਣੀ ਦਾ ਯੂ.ਐੱਸ. ਅਤੇ ਯੂ.ਕੇ. ਵਿੱਚ ਸਫਲਤਾਪੂਰਵਕ ਪ੍ਰੀਮੀਅਰ ਹੋਇਆ, ਜਿਸ ਨੂੰ ਅੰਤਰਰਾਸ਼ਟਰੀ ਦਰਸ਼ਕਾਂ ਤੋਂ ਭਰਵਾਂ ਹੁੰਗਾਰਾ ਮਿਲਿਆ। ਪ੍ਰੈਸ ਕਾਨਫਰੰਸ ਦੌਰਾਨ, ਫਿਲਮ ਦੇ ਨਿਰਦੇਸ਼ਕ, ਨਿਰਮਾਤਾ ਅਤੇ ਮੁੱਖ ਕਲਾਕਾਰਾਂ ਨੇ ਅੰਤਰਰਾਸ਼ਟਰੀ ਦਰਸ਼ਕਾਂ ਦੇ ਪਿਆਰ ਅਤੇ ਸਮਰਥਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਹਨਾਂ ਨੇ ਭਾਰਤੀ ਰਿਲੀਜ਼ ਨੂੰ ਮੁੜ ਤਹਿ ਕਰਨ ਦੇ ਫੈਸਲੇ ਨੂੰ ਵੀ ਸੰਬੋਧਿਤ ਕੀਤਾ।

ਯੂਐਸ ਅਤੇ ਯੂ.ਕੇ. ਵਿੱਚ ਇਸਦੇ ਸਫਲ ਪ੍ਰੀਮੀਅਰਾਂ ਤੋਂ ਬਾਅਦ, ਫਿਲਮ ਨਿਰਮਾਤਾ ਜਲਦੀ ਹੀ ਕੈਨੇਡਾ, ਆਸਟ੍ਰੇਲੀਆ, ਯੂਰਪ, ਦੁਬਈ ਅਤੇ ਨਿਊਜ਼ੀਲੈਂਡ ਵਿੱਚ ਰਿਲੀਜ਼ ਕਰਨ ਦਾ ਐਲਾਨ ਕਰਨਗੇ।

ਇਸ ਮੌਕੇ ਤੇ ਬੋਲਦਿਆਂ, ਕਰਮੀ ਆਪੋ ਆਪਣੀ ਦੇ ਪਿੱਛੇ ਦੂਰਦਰਸ਼ੀ, ਗੁਰਜਿੰਦਰਜੀਤ ਸਿੰਘ ਸਹੋਤਾ ਨੇ ਕਿਹਾ, ਸਾਡੀ ਫਿਲਮ ਨੂੰ ਅਮਰੀਕਾ ਅਤੇ ਯੂਕੇ ਵਿੱਚ ਮਿਲੇ ਭਰਵੇਂ ਹੁੰਗਾਰੇ ਨਾਲ ਅਸੀਂ ਬਹੁਤ ਖੁਸ਼ ਹਾਂ। ਹਾਲਾਂਕਿ, ਅਸੀਂ ਆਪਣੇ ਭਾਰਤੀ ਪ੍ਰਸ਼ੰਸਕਾਂ ਨੂੰ ਸਭ ਤੋਂ ਵਧੀਆ ਅਨੁਭਵ ਦੇਣਾ ਚਾਹੁੰਦੇ ਹਾਂ, ਅਤੇ ਇਸ ਲਈ, ਅਸੀਂ ਰੀਲੀਜ਼ ਨੂੰ ਮੁੜ-ਤਹਿ ਕਰਨ ਦਾ ਫੈਸਲਾ ਕੀਤਾ ਹੈ।

ਫਿਲਮ ਦੇ ਨਿਰਮਾਤਾਵਾਂ ਨੇ ਅੱਗੇ ਕਿਹਾ, ਕਰਮੀ ਆਪੋ ਆਪਣੀ ਸਿਰਫ ਇੱਕ ਫਿਲਮ ਨਹੀਂ ਬਲਕਿ ਪੰਜਾਬੀ ਸੱਭਿਆਚਾਰ ਅਤੇ ਕਦਰਾਂ ਕੀਮਤਾਂ ਦਾ ਜਸ਼ਨ ਹੈ। ਨਵੀਂ ਰਿਲੀਜ਼ ਮਿਤੀ ਦੇ ਨਾਲ, ਅਸੀਂ ਫਿਲਮ ਦੀ ਪਹੁੰਚ ਅਤੇ ਪ੍ਰਭਾਵ ਨੂੰ ਵਧਾਉਣ ਦੀ ਯੋਜਨਾ ਬਣਾ ਰਹੇ ਹਾਂ, ਇਸ ਨੂੰ ਉਹ ਸ਼ਾਨਦਾਰਤਾ ਪ੍ਰਦਾਨ ਕਰਦੇ ਹੋਏ ਜਿਸਦੀ ਇਹ ਅਸਲ ਵਿੱਚ ਹੱਕਦਾਰ ਹੈ।

# ਵਾਰਡਵਾਸੀਆਂ ਨੇ ਦੂਸਰੀ ਵਾਰੀ ਜਿਤਾਉਣ ਦੇ ਦਿੱਤੇ ਭਰੋਸੇ ਤੋਂ ਬਾਅਦ ਚਿੱਤ ਲਗਭਗ ਤੈਅ-ਪ੍ਰਿਅੰਕਾ ਸ਼ਰਮਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਦੀ ਚੋਣਾਂ ਦੌਰਾਨ ਵਾਰਡ ਨੰਬਰ 11 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਪ੍ਰਿਯਕਾ ਸ਼ਰਮਾ ਪਤਨੀ ਰਿਤੇਸ਼ ਸ਼ਰਮਾ ਨੂੰ ਚੋਣ ਮੁਹਿੰਮ ਦੇ ਦੌਰਾਨ ਵਾਰਡ ਵਾਸੀਆਂ ਵੱਲੋਂ ਭਾਰੀ ਸਮਰਥਨ ਮਿਲਦਾ ਹੋਇਆ ਨਜ਼ਰ ਆ ਰਿਹਾ ਹੈ। ਪ੍ਰਿਅੰਕਾ ਸ਼ਰਮਾ ਨੇ ਕਿਹਾ ਕਿ ਪਿਛਲੀਆਂ ਨਗਰ ਨਿਗਮ ਚੋਣਾਂ ਦੇ ਦੌਰਾਨ ਵੀ ਵਾਰਡ ਵਾਸੀਆਂ ਦੇ ਅਥਾਹ ਪਿਆਰ ਅਤੇ ਸਤਿਕਾਰ ਦੇ ਚੱਲਦਿਆਂ ਉਹਨਾਂ ਨੂੰ ਕੌਂਸਲਰ ਬਣਾ ਕੇ ਨਿਗਮ ਹਾਊਸ ਦੇ ਵਿੱਚ ਭੇਜਿਆ ਗਿਆ ਸੀ। ਜਿਸ ਦੌਰਾਨ ਉਹਨਾਂ ਵੱਲੋਂ ਵਾਰਡ ਦੇ ਵਿਕਾਸ ਦੇ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਗਈ। ਉਹਨਾਂ ਨੇ ਕਿਹਾ ਕਿ ਵਾਰਡ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਵਿਸ਼ਵਾਸ਼ ਦੇ ਚਲਦਿਆਂ ਇਸ ਵਾਰ ਵੀ ਲੋਕਾਂ ਨੇ ਉਹਨਾਂ ਨੂੰ ਹੀ ਜਿਤਾਉਣ ਦਾ ਮਨ ਬਣਾ ਲਿਆ। ਉਹਨਾਂ ਵੱਲੋਂ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਦੇ ਨਿਸ਼ਾਨ ਦਾ ਸਾਥ ਦੇਣ ਲਈ ਪ੍ਰੇਰਿਤ ਕਰਦਿਆਂ ਕਈ ਇਲਾਕਿਆਂ ਵਿੱਚ ਜਨਸੰਪਰਕ ਕੀਤਾ ਗਿਆ। ਉਹਨਾਂ ਦੇ ਨਾਲ ਆਸ਼ਾ ਰਾਨੀ,ਵਿਸ਼ੂ,ਲਵਲੀ ਸ਼ਰਮਾ,ਲਖਬੀਰ ਸਿੰਘ, ਦਲਬੀਰ ਸਿੰਘ,ਅਮਨਪ੍ਰੀਤ ਕੌਰ,ਅਲਕਾ ਸ਼ਰਮਾ,ਰਾਣੀ, ਸੁਧਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਵਰਕਰ ਅਤੇ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਐੱਮ ਪੀ ਡਾ ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਵਿਚ ਕਾਰਪੋਰੇਸ਼ਨ ਚੋਣਾਂ ਲਈ ਕੀਤਾ ਪ੍ਰਚਾਰ




ਫਗਵਾੜਾ - ( ਸੁਸ਼ੀਲ ਸ਼ਰਮਾ ) ਹੁਸ਼ਿਆਰਪੁਰ ਲੋਕ ਸਭਾ ਮੈਂਬਰ ਡਾ ਰਾਜ ਕੁਮਾਰ ਚੱਬੇਵਾਲ ਨੂੰ ਆਮ ਆਦਮੀ ਪਾਰਟੀ ਵਲੋਂ ਨਗਰ ਨਿਗਮ ਦੀਆਂ ਚੋਣਾਂ ਲਈ ਫਗਵਾੜਾ ਦਾ ਕੋਆਰਡੀਨੇਟਰ ਬਣਾਇਆ ਗਿਆ ਹੈ ।ਪਾਰਟੀ ਵਲੋਂ ਦਿੱਤੀ ਗਈ ਜਿੰਮੇਵਾਰੀ ਨੂੰ ਬਖੂਬੀ ਨਿਭਾਉਂਦਿਆਂ ਡਾ ਰਾਜ ਵਲੋਂ ਫਗਵਾੜਾ ਵਿਚ ਜ਼ਬਰਦਸਤ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ।ਉਹ ਵੱਖ ਵੱਖ ਵਾਰਡਾਂ ਵਿਚ ਆਪ ਦੇ ਉਮੀਦਵਾਰਾਂ ਦੇ ਪੱਖ ਵਿਚ ਜ਼ੋਰਦਾਰ ਪ੍ਰਚਾਰ ਚ ਰੁਝੇ ਹੋਏ ਹਨ ।ਆਪ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਵਾਰਡ ਨਿਵਾਸੀਆਂ ਨੂੰ ਜਾਣੂ ਕਰਵਾਉਂਦੇ ਹੋਏ ਉਹ ਆਪਣੇ ਉਮੀਦਵਾਰਾਂ ਲਈ ਵੋਟ ਦੇ ਮੰਗ ਕਰ ਰਹੇ ਹਨ ।ਉਹਨਾਂ ਵਲੋਂ ਲੋਕਾਂ ਨੂੰ ਭਰੋਸਾ ਦਿੱਤਾ ਜਾ ਰਿਹਾ ਹੈ ਕਿ ਫਗਵਾੜਾ ਦੇ ਹਰ ਵਾਰਡ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਅਤੇ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਕਰਨ ਲਈ ਉਹ ਖੁਦ ਉਪਰਾਲੇ ਕਰਨਗੇ ।ਡਾ ਰਾਜ ਦੁਆਰਾ ਕੀਤੀਆਂ ਜਾ ਰਹੀਆਂ ਚੋਣ ਮੀਟਿੰਗਾਂ ਵਿਚ ਉਹਨਾਂ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਲੋਕਾਂ ਦੇ ਵਿਚ ਉਹਨਾਂ ਦੀ ਸਕਾਰਾਤਮਕ ਛਵੀ ਦਾ ਪ੍ਰਭਾਵ ਵੀ ਸਾਫ ਨਜ਼ਰ ਆ ਰਿਹਾ ਹੈ ।ਇਹਨਾਂ ਮੀਟਿੰਗਾਂ ਵਿਚ ਮੁੱਖ ਤੌਰ ਤੇ ਇਸ ਮੌਕੇ ਡਾ: ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ, ਹਰਜੀ ਮਾਨ, ਮੈਡਮ ਲਲਿਤ ਸਕਲਾਣੀ ਜ਼ਿਲ੍ਹਾ ਪ੍ਰਧਾਨ ਆਪ, ਦਲਜੀਤ ਰਾਜੂ ਅਤੇ ਜਸਪਾਲ ਸਿੰਘ ਆਦਿ ਹਾਜ਼ਰ ਸਨ ।

# ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਏ ਗਏ ਲਾਈਵ ਕਵੀ ਦਰਬਾਰ ਦਾ ਸੰਚਾਲਨ ਉੱਘੇ ਲੇਖਕ ਮਹਿੰਦਰ ਸੂਦ ਵਿਰਕ ਜੀ ਨੇ ਕੀਤਾ




ਫਗਵਾੜਾ- (ਸੁਸ਼ੀਲ ਸ਼ਰਮਾ )
ਅੱਜ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਇੱਕ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ। ਜਿਸ ਦਾ ਸੰਚਾਲਨ ਪੰਜਾਬ ਦੇ ਪ੍ਰਸਿੱਧ ਲੇਖਕ ਅਤੇ ਸ਼ਾਇਰ ਮਹਿੰਦਰ ਸੂਦ ਵਿਰਕ ਜੀ ਨੇ ਕੀਤਾ। ਜਿਸ ਵਿੱਚ ਕੈਪਟਨ ਦਵਿੰਦਰ ਸਿੰਘ ਜੱਸਲ, ਮਨਪ੍ਰੀਤ ਕੌਰ ਭਾਟੀਆ, ਕਰਮਜੀਤ ਕੌਰ ਮਲੋਟ, ਸ਼ਿੰਦਾ ਬੁਰਜ ਵਾਲਾ ਅਤੇ ਸੁੱਚਾ ਸਿੰਘ ਲੇਹਲ ਨੇ ਹਿੱਸਾ ਲਿਆ।ਕਵੀ ਦਰਬਾਰ ਦਾ ਆਗਾਜ਼ ਕੈਪਟਨ ਦਵਿੰਦਰ ਸਿੰਘ ਜੱਸਲ ਨੇ ਆਪਣੀ ਖ਼ੂਬਸੂਰਤ ਰਚਨਾ ਨਾਲ ਕੀਤਾ। ਮਨਪ੍ਰੀਤ ਕੌਰ ਭਾਟੀਆ ਨੇ ਆਪਣੇ ਵੱਖਰੇ ਅੰਦਾਜ਼ ਵਿੱਚ ਕਵਿਤਾ ਪੇਸ਼ ਕੀਤੀ। ਅਤੇ ਕਰਮਜੀਤ ਕੌਰ ਮਲੋਟ ਨੇ ਦਿਲ ਨੂੰ ਛੂਹਣ ਵਾਲੀ ਰਚਨਾ ਨਾਲ ਹਾਜ਼ਰੀ ਲਗਵਾਈ। ਸ਼ਿੰਦਾ ਬੁਰਜ ਵਾਲਾ ਨੇ ਵੀ ਆਪਣੀ ਰਚਨਾ ਨਾਲ ਸਮਾਂ ਬੰਨ੍ਹਿਆ। ਸੁੱਚਾ ਸਿੰਘ ਲੇਹਲ ਨੇ ਆਪਣੀ ਗ਼ਜ਼ਲ ਦੇ ਨਾਲ ਸਰੋਤਿਆਂ ਤੋਂ ਵਾਹ ਖੱਟੀ।
ਸੰਚਾਲਕ ਮਹਿੰਦਰ ਸੂਦ ਵਿਰਕ ਜੀ ਦੇ ਨਵੇਕਲੇ ਅੰਦਾਜ਼ ਅਤੇ ਉਹਨਾਂ ਦੇ ਸੱਚੇ ਸੁੱਚੇ ਹਰਫਾਂ ਦੀ ਰੰਗਤ ਨੇ ਸਾਰੇ ਕਵੀਆਂ ਅਤੇ ਸਰੋਤਿਆਂ ਦਾ ਮਨ ਮੋਹਿਆ। ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਅਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਕਲਮ ਦਾ ਸਫ਼ਰ ਜ਼ਾਰੀ ਰੱਖਣ ਲਈ ਪ੍ਰੇਰਿਆ ਅਤੇ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।

# ਗਿੱਦੜਬਾਹਾ ਦੇ ਪਿੰਡ ਦੌਲਾ ਦੀ ਹੋਈ ਪੰਚਾਇਤੀ ਚੋਣ ਦੇ ਵਿੱਚ ਜੇਤੂ ਬਣੇ ਊਧਮ ਸਿੰਘ ਮਾਨ ਸਰਪੰਚ ਵੱਲੋਂ ਐਮਐਲਏ ਦੇ ਦਫਤਰ ਪਹੁੰਚ ਕੇ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਮੂੰਹ ਮਿੱਠਾ ਕਰਵਾਇਆ



ਗਿੱਦੜਬਾਹਾ/(ਲੋਕ ਬਾਣੀ) ਗਿੱਦੜਬਾਹਾ ਹਲਕੇ ਦੇ ਪਿੰਡ ਦੌਲਾ ਦੀ 15 ਦਸੰਬਰ 2024 ਨੂੰ ਹੋਈ ਪੰਚਾਇਤੀ ਚੋਣ ਦੇ ਵਿੱਚ ਸ ਉੱਦਮ ਸਿੰਘ ਮਾਨ ਪਿੰਡ ਦੌਲਾ ਦੇ ਨਵੇ ਬਣੇ ਸਰਪੰਚ ਵੱਲੋਂ ਗਿੱਦੜਬਾਹਾ ਹਲਕੇ ਦੇ ਐਮਐਲਏ ਸ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਫਤਰ ਵਿਖੇ ਪਹੁੰਚ ਕੇ ਅਸ਼ੀਰਵਾਦ ਲਿਆ ਅਤੇ ਡਿੰਪੀ ਢਿੱਲੋਂ ਵੱਲੋਂ ਪਿੰਡ ਦੌਲਾ ਦੀ ਨਵੀ ਬਣੀ ਪੰਚਾਇਤ ਦੇ ਆਪਣੇ ਦਫਤਰ ਜੇਤੂ ਹੋਣ ਤੋਂ ਬਾਅਦ ਪਹੁੰਚਣ ਤੇ ਭਰਵਾਂ ਸਵਾਗਤ ਕੀਤਾ ਅਤੇ ਨਵੇਂ ਬਣੇ ਸਰਪੰਚ ਸ ਉੱਦਮ ਸਿੰਘ ਮਾਨ ਨੂੰ ਅਤੇ ਨਵੇਂ ਬਣੇ ਮੈਂਬਰ ਪੰਚਾ ਨੂੰ ਵੀ ਦਿੱਤੀ ਵਧਾਈ ਅਤੇ ਉੱਥੇ ਹੀ ਨਵੇਂ ਬਣੇ ਸਰਪੰਚ ਉੱਦਮ ਸਿੰਘ ਮਾਨ ਦੇ ਵੀ ਮੂੰਹ ਮਿੱਠਾ ਕਰਵਾਇਆ ਇਸ ਮੌਕੇ ਤੇ ਚਰਨਜੀਤ ਸਿੰਘ ਨੰਬਰਦਾਰ,ਕਾਕਾ ਸਿੰਘ ਨੰਬਰਦਾਰ,ਧੀਰਾ ਸਿੰਘ ਸਾਬਕਾ ਸਰਪੰਚ,ਜੀਤਾ ਸਿੰਘ ਮੈਂਬਰ ਪੰਚ, ਜੀਵਨ ਸਿੰਘ ਮੈਂਬਰ ਪੰਚ, ਜਗਦੇਵ ਸਿੰਘ ਮੈਂਬਰ ਪੰਚ, ਜਗਸੀਰ ਸਿੰਘ ਮੈਂਬਰ ਪੰਚ, ਕੁਲਦੀਪ ਸਿੰਘ ਮਾਨ,ਪ੍ਰਦਮਨਜੀਤ ਸਿੰਘ ਮਾਨ ਅਤੇ ਭਾਰੀ ਮਾਤਰਾ ਵਿੱਚ ਪਿੰਡ ਨਿਵਾਸੀ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਧੰਨ ਦੇਵੀ ਡੀ.ਏ.ਵੀ ਸਕੂਲ ਚ ਲਾਇਆ ਸੈਮੀਨਾਰ

## ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਆਵਾਜਾਈ ਨਿਯਮਾਂ ਬਾਰੇ ਵਿਦਿਆਰਥੀਆਂ ਨੂੰ ਦਿੱਤੀ ਜਾਣਕਾਰੀ



ਗੁਰਦਾਸਪੁਰ-ਨਵਨੀਤ ਕੁਮਾਰ -
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੀ ਸਕੱਤਰ ਸ੍ਰੀਮਤੀ ਰਮਨੀਤ ਕੌਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਨੁਮਾਇੰਦਿਆਂ ਅਤੇ ਜ਼ਿਲ੍ਹਾ ਪੁਲਿਸ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨ ਦੇਵੀ, ਗੀਤਾ ਭਵਨ ਰੋਡ, ਗੁਰਦਾਸਪੁਰ ਵਿਖੇ ਵਿਸ਼ੇਸ਼ ਸੈਮੀਨਾਰ ਲਗਾ ਕੇ ਵਿਦਿਆਰਥੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਆਵਾਜਾਈ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸਿਪਰਾ ਗੁਪਤਾ ਅਤੇ ਸਕੂਲ ਦਾ ਸਮੂਹ ਸਟਾਫ਼ ਵੀ ਹਾਜ਼ਰ ਸੀ। ਸੈਮੀਨਾਰ ਦੌਰਾਨ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਏ.ਐੱਸ.ਆਈ. ਸੰਜੀਵ ਕੁਮਾਰ ਅਤੇ ਏ.ਐੱਸ.ਆਈ. ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਰੋਡ ਸੇਫ਼ਟੀ ਬਾਰੇ ਜਾਣਕਾਰੀ ਦਿੰਦੇ ਹੋਏ ਰੋਡ ਸਾਈਨ ਰੋਡ ਮਾਰਕਿੰਗ ਅਤੇ ਲਿੰਕ ਰੋਡ ਤੋਂ ਹਾਈਵੇ ਦੇ ਉੱਪਰ ਚੜ੍ਹਨ ਦੇ ਸੁਰੱਖਿਅਤ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਦੋ ਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਜ਼ਰੂਰ ਪਹਿਨਿਆ ਜਾਵੇ ਅਤੇ ਚਾਰ ਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਜ਼ਰੂਰ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਵਾਹਨ ਚਲਾਉਂਦੇ ਸਮੇਂ ਮੋਬਾਈਲ ਫ਼ੋਨ ਦੀ ਵਰਤੋਂ ਬਿਲਕੁਲ ਨਾ ਕੀਤੀ ਜਾਵੇ ਕਿਉਂਕਿ ਅਜਿਹਾ ਕਰਨ ਨਾਲ ਦੁਰਘਟਨਾ ਵਾਪਰ ਸਕਦੀ ਹੈ। ਇਸਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਤੇ ਲਾਇਸੰਸ ਲਈ ਉਮਰ ਸੀਮਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੋਟਰ ਵਹੀਕਲ ਐਕਟ ਦੇ ਅਨੁਸਾਰ ਨਾਬਾਲਗ ਬੱਚਿਆਂ ਨੂੰ ਕੋਈ ਵੀ ਵਾਹਨ ਚਲਾਉਣ ਦਾ ਅਧਿਕਾਰ ਨਹੀਂ ਹੈ ਜੇਕਰ ਚੈਕਿੰਗ ਦੌਰਾਨ ਕੋਈ ਵੀ ਨਾਬਾਲਗ ਬੱਚਾ ਵਾਹਨ ਚਲਾਉਂਦੇ ਹੋਏ ਪਾਇਆ ਜਾਵੇਗਾ ਤਾਂ ਉਸ ਦੇ ਖ਼ਿਲਾਫ਼ ਮੋਟਰ ਵਹੀਕਲ ਐਕਟ ਤਹਿਤ ਕਾਰਵਾਈ ਕਰਦੇ ਹੋਏ 25000 ਜੁਰਮਾਨਾ ਅਤੇ ਉਸਦੇ ਮਾਤਾ-ਪਿਤਾ ਨੂੰ ਤਿੰਨ ਸਾਲ ਤੱਕ ਦੀ ਸਜ਼ਾ ਹੋ ਸਕਦੀ ਹੈ। ਇਸ ਦੇ ਨਾਲ ਹੀ ਹੈਲਪ ਲਾਈਨ ਨੰਬਰ 1930 ਅਤੇ ਸਾਈਬਰ ਕ੍ਰਾਈਮ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਵੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਸੈਮੀਨਾਰ ਵਿੱਚ ਸਕੂਲ ਦੇ ਪ੍ਰਿੰਸੀਪਲ ਸਿਪਰਾ ਗੁਪਤਾ ਨੇ ਸਮੂਹ ਸਟਾਫ਼ ਵੱਲੋਂ ਬੱਚਿਆਂ ਨੂੰ ਦਿੱਤੀ ਗਈ ਜਾਣਕਾਰੀ ਲਈ ਆਏ ਹੋਏ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਵਾਰਡਵਾਸੀਆਂ ਨੇ ਦੂਸਰੀ ਵਾਰੀ ਜਿਤਾਉਣ ਦੇ ਦਿੱਤੇ ਭਰੋਸੇ ਤੋਂ ਬਾਅਦ ਜਿੱਤ ਲਗਭਗ ਤੈਅ- ਪ੍ਰਿਅੰਕਾ ਸ਼ਰਮਾ



ਅੰਮ੍ਰਿਤਸਰ, (ਲੋਕ ਬਾਣੀ) ਨਗਰ ਨਿਗਮ ਦੀ ਚੋਣਾਂ ਦੌਰਾਨ ਵਾਰਡ ਨੰਬਰ 11 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਪ੍ਰਿਯਕਾ ਸ਼ਰਮਾ ਪਤਨੀ ਰਿਤੇਸ਼ ਸ਼ਰਮਾ ਨੂੰ ਚੋਣ ਮੁਹਿੰਮ ਦੇ ਦੌਰਾਨ ਵਾਰਡ ਵਾਸੀਆਂ ਵੱਲੋਂ ਭਾਰੀ ਸਮਰਥਨ ਮਿਲਦਾ ਹੋਇਆ ਨਜ਼ਰ ਆ ਰਿਹਾ ਹੈ। ਪ੍ਰਿਅੰਕਾ ਸ਼ਰਮਾ ਨੇ ਕਿਹਾ ਕਿ ਪਿਛਲੀਆਂ ਨਗਰ ਨਿਗਮ ਚੋਣਾਂ ਦੇ ਦੌਰਾਨ ਵੀ ਵਾਰਡ ਵਾਸੀਆਂ ਦੇ ਅਥਾਹ ਪਿਆਰ ਅਤੇ ਸਤਿਕਾਰ ਦੇ ਚੱਲਦਿਆਂ ਉਹਨਾਂ ਨੂੰ ਕੌਂਸਲਰ ਬਣਾ ਕੇ ਨਿਗਮ ਹਾਊਸ ਦੇ ਵਿੱਚ ਭੇਜਿਆ ਗਿਆ ਸੀ। ਜਿਸ ਦੌਰਾਨ ਉਹਨਾਂ ਵੱਲੋਂ ਵਾਰਡ ਦੇ ਵਿਕਾਸ ਦੇ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਗਈ। ਉਹਨਾਂ ਨੇ ਕਿਹਾ ਕਿ ਵਾਰਡ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਵਿਸ਼ਵਾਸ਼ ਦੇ ਚਲਦਿਆਂ ਇਸ ਵਾਰ ਵੀ ਲੋਕਾਂ ਨੇ ਉਹਨਾਂ ਨੂੰ ਹੀ ਜਿਤਾਉਣ ਦਾ ਮਨ ਬਣਾ ਲਿਆ। ਉਹਨਾਂ ਵੱਲੋਂ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਦੇ ਨਿਸ਼ਾਨ ਦਾ ਸਾਥ ਦੇਣ ਲਈ ਪ੍ਰੇਰਿਤ ਕਰਦਿਆਂ ਕਈ ਇਲਾਕਿਆਂ ਵਿੱਚ ਜਨਸੰਪਰਕ ਕੀਤਾ ਗਿਆ। ਉਹਨਾਂ ਦੇ ਨਾਲ ਆਸ਼ਾ ਰਾਨੀ,ਵਿਸ਼ੂ,ਲਵਲੀ ਸ਼ਰਮਾ,ਲਖਬੀਰ ਸਿੰਘ, ਦਲਬੀਰ ਸਿੰਘ,ਅਮਨਪ੍ਰੀਤ ਕੌਰ,ਅਲਕਾ ਸ਼ਰਮਾ,ਰਾਣੀ, ਸੁਧਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਵਰਕਰ ਅਤੇ ਇਲਾਕਾ ਨਿਵਾਸੀ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਦਸਮੇਸ਼ ਬਟਾਲੀਅਨ ਦੇ ਸਾਬਕਾ ਸੈਨਿਕਾਂ ਨੇ 53ਵਾਂ ਯੁੱਧ ਸਨਮਾਨ

ਸ਼ੇਰਪੁਰ , (ਲੋਕ ਬਾਣੀ) – ਭਾਰਤ ਦੀ ਸੈਨਾ ਵਿੱਚ ਵਿਲੱਖਣ ਪਛਾਣ ਬਣਾਉਣ ਵਾਲੀ ਦਸਮੇਸ਼ ਬਟਾਲੀਅਨ (10 ਸਿੱਖ ) ਦੇ ਸਾਬਕਾ ਸੈਨਿਕਾਂ ਵੱਲੋਂ 53ਵਾਂ ਯੁੱਧ ਸਨਮਾਨ ' ਪਰਬੁਤ ਅਲੀ ' ਦਿਵਸ ਧੂਮ –ਧਾਮ ਨਾਲ ਮਨਾਇਆ । ਇਸ ਮੌਕੇ ਪੁੱਜੇ 1971ਦੀ ਹਿੰਦ–ਪਾਕ ਜੰਗ ਦੌਰਾਨ 65 ਕਿਲੋਮੀਟਰ ਪਾਕਿਸਤਾਨ ਦੇ ਅੰਦਰ ਘੁਸ ਕੇ ' ਪਰਬੁਤ ਅਲੀ ' ਪੋਸਟ ਤੇ ਕਬਜ਼ਾ ਕਰਨ ਵਾਲੇ ਯੋਧਿਆਂ ਨੇ ਉਸ ਸਮੇਂ ਦਾ ਇਤਿਹਾਸ ਸੁਣਾਕੇ ਸਾਥੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਹਾਜ਼ਰ ਸੈਨਿਕਾਂ ਵੱਲੋਂ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਬਟਾਲੀਅਨ ਦੇ ਅਫਸਰ ਲੈਫਟੀਨੈਂਟ ਜਨਰਲ (ਰਿਟਾ.) ਜਗਬੀਰ ਸਿੰਘ ਚੀਮਾ , ਮੌਜੂਦਾ ਕਮਾਂਡਿੰਗ ਅਫ਼ਸਰ ਪੰਕਜ ਕੁਮਾਰ ਨੇ ਸਮੂੰਹ ਅਹੁਦੇਦਾਰਾਂ ਨੂੰ ਇਸ ਸਮਾਗਮ ਤੇ ਵਧਾਈ ਦਿੱਤੀ । ਕੈਪਟਨ ਸਾਧੂ ਸਿੰਘ ਅਤੇ ਸੁਖਦੇਵ ਸਿੰਘ ਕਿਲਾ ਹਕੀਮਾਂ ਨੇ ਕਿਹਾ 1ਜੂਨ 1966 ਨੂੰ ਕਰਨਲ ਟੀ.ਆਰ ਕਪੂਰ , ਸੈਨਾ ਮੈਡਲ ਅਤੇ ਸੂਬੇਦਾਰ ਮੇਜਰ



ਪ੍ਰੀਤਮ ਸਿੰਘ ਜੀ ਦੀ ਅਗਵਾਈ ਵਿਚ ਸਥਾਪਤ ਹੋਈ 10 ਸਿੱਖ ਰੈਜੀਮੈਂਟ , ਜਿਸ ਦਾ ਨਾਮ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ ਉੱਤੇ ਦਸਮੇਸ਼ ਬਟਾਲੀਅਨ ਰੱਖਿਆ ਗਿਆ , ਜੋ ਅੱਜ ਸੈਨਾ ਦੇ ਇਤਿਹਾਸ ਵਿੱਚ ਕਿਸੇ ਜਾਣ ਪਹਿਚਾਣ ਦਾ ਮੁਹਤਾਜ ਨਹੀਂ ਰਹੀ । ਮਹਿਜ਼ 5 ਸਾਲ ਦੀ ਹੁੰਦਿਆਂ ਹੀ ਬਟਾਲੀਅਨ ਨੇ 1971 ਦੀ ਲੜਾਈ ਵਿੱਚ ਇੱਕ ਅਜਿਹਾ ਕਾਰਨਾਮਾ ਕਰ ਵਿਖਾਇਆ ਕਿ ਪਾਕਿਸਤਾਨ ਦੀ ਧਰਤੀ ' ਤੇ 65 ਕਿਲੋਮੀਟਰ ਅੰਦਰ ਜਾ ਕੇ ' ਪਰਬਤ ਅਲੀ ' ਪੋਸਟ ਤੇ ਕਬਜ਼ਾ ਕੀਤਾ ਅਤੇ ਭਾਰਤ ਸਰਕਾਰ ਵੱਲੋਂ ਬਟਾਲੀਅਨ ਨੂੰ ਯੁੱਧ ਸਨਮਾਨ ' ਪਰਬਤ ਅਲੀ ' ਦੇ ਕੇ ਸਨਮਾਨਿਤ ਕੀਤਾ ਗਿਆ । ਜਿਸ ਨੂੰ ਬਟਾਲੀਅਨ ਹਰ ਸਾਲ 13 ਦਸੰਬਰ ਨੂੰ ਯੁੱਧ ਸਨਮਾਨ ਦਿਵਸ ਤੌਰ ਤੇ ਮਨਾਉਂਦੀ ਹੈ । ਯੁੱਧ ਅਭਿਆਸਾਂ ਦੇ ਨਾਲ ਨਾਲ ਬਟਾਲੀਅਨ ਨੇ ਕਈ ਨਾਮੀ ਖਿਡਾਰੀ ਦੇਸ਼ ਨੂੰ ਦਿੱਤੇ ਜਿਨ੍ਹਾਂ ਵਿੱਚ ਦੇਸ਼ ਦੇ ਮਹਾਨ ਮੁੱਕੇਬਾਜ਼ ਸੂਬੇਦਾਰ ਕੌਰ ਸਿੰਘ , ਪਦਮ ਸ਼੍ਰੀ , ਅਰਜੁਨਾ ਐਵਾਰਡ ਇਸੇ ਪਲਟਨ ਵਿੱਚ ਪੈਦਾ ਹੋਏ ਜਿਨ੍ਹਾਂ ਨੇ 1982 ਦੀਆਂ ਏਸ਼ੀਆਈ ਖੇਡਾਂ ਦੇ ਮੁੱਕੇਬਾਜ਼ੀ ਮੁਕਾਬਲੇ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ । ਕੁਸ਼ਤੀ ਦੇ ਖੇਤਰ ਵਿੱਚ ਹੌਲਦਾਰ ਗੱਜਣ ਸਿੰਘ ਅਤੇ ਮੌਜੂਦਾ ਰੋਇੰਗ ਸਟਾਰ (ਕਿਸ਼ਤੀ ਚਾਲਕ ) ਸੂਬੇਦਾਰ ਮੇਜਰ ਸਵਰਨ ਸਿੰਘ ਅਰਜਨਾ ਅਵਾਰਡ ਇਸੇ ਬਟਾਲੀਅਨ ਦੀ ਸ਼ਾਨ ਹਨ । ਜਨਰਲ ਚੀਮਾ ਨੇ ਕੈਪਟਨ ਗੁਰਚਰਨ ਸਿੰਘ ਅਤੇ ਹੌਲਦਾਰ ਸੁਖਦੇਵ ਸਿੰਘ ਭਾਪਾ ਤੇ ਟੀਮ ਨੂੰ ਇੱਕ ਸਫਲ ਪ੍ਰੋਗਰਾਮ ਦੀ ਰੂਪ ਰੇਖਾ ਉਲੀਕਣ ਤੇ ਮੁਬਾਰਕਬਾਦ ਦਿੱਤੀ । ਪ੍ਰੋਗਰਾਮ ਦੌਰਾਨ ਸਾਬਕਾ ਸੈਨਿਕਾਂ ਵੱਲੋਂ 1971 ਦੇ ਜੰਗਜੂਆ ਅਤੇ ਸਰਪੰਚ ਚੁਣੇ ਸਾਬਕਾ ਸੈਨਿਕਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਕੈਪਟਨ ਸਾਧੂ ਸਿੰਘ ਨੇ ਆਪਣੀਆਂ ਕਵੀਸ਼ਰੀਆਂ ਰਾਹੀਂ ਹਾਜ਼ਰ ਸੈਨਿਕਾਂ ਨੂੰ ਬਟਾਲੀਅਨ ਦਾ ਇਤਿਹਾਸ ਯਾਦ ਕਰਵਾ ਦਿੱਤਾ । ਇਸ ਮੌਕੇ ਕੈਪਟਨ ਚੰਨਣ ਸਿੰਘ , ਬਿੱਕਰ ਸਿੰਘ , ਜਗਤਾਰ ਸਿੰਘ , ਪੂਰਨ ਸਿੰਘ ਤੋਂ ਇਲਾਵਾ ਪੰਜਾਬ ਹਰਿਆਣਾ ਤੋਂ ਵੱਡੀ ਗਿਣਤੀ ਸਾਬਕਾ ਸੈਨਿਕ ਹਾਜ਼ਰ ਸਨ । ਮੰਚ ਸੰਚਾਲਨ ਦੀ ਜਿੰਮੇਵਾਰੀ ਸੂਬੇਦਾਰ ਮੇਜਰ ਹਰਜੀਤ ਸਿੰਘ ਨੇ ਬਾਖੂਬੀ ਨਿਭਾਈ।

# ਅਸੀਂ ਵਿਸ਼ਵ ਉਥਲ-ਪੁਥਲ ਦੌਰਾਨ ਭਾਰਤ ਲਈ ਆਪਣੀਆਂ ਯੋਜਨਾਵਾਂ ਤੇ ਕਾਇਮ ਹਾਂ: ਨਿਸਾਨ

ਚੰਡੀਗੜ੍ਹ: (ਲੋਕ ਬਾਣੀ) ਜਾਪਾਨੀ ਵਾਹਨ ਨਿਰਮਾਤਾ ਕੰਪਨੀ ਨਿਸਾਨ ਭਾਰਤ ਵਿੱਚ ਆਪਣੇ ਕਾਰੋਬਾਰ ਨੂੰ ਮੁੜ ਲੀਹ ਤੇ ਲਿਆਉਣ ਦੀ ਯੋਜਨਾ ਬਣਾ ਰਹੀ ਹੈ। ਨਿਸਾਨ ਇੰਡੀਆ ਆਪਰੇਸ਼ਨਜ਼ ਦੇ ਪ੍ਰਧਾਨ ਫ੍ਰੈਂਕ ਟੋਰੇਸ ਨੇ ਕਿਹਾ ਕਿ ਕੰਪਨੀ ਚੱਲ ਰਹੀ ਗਲੋਬਲ ਉਥਲ–ਪੁਥਲ ਦੇ ਬਾਵਜੂਦ ਭਾਰਤ ਵਿੱਚ ਆਪਣੇ ਕਰਮਚਾਰੀਆਂ ਦੀ ਗਿਣਤੀ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ।



ਟੋਰੇਸ ਨੇ ਕਿਹਾ ਕਿ ਕੰਪਨੀ ਨੇ ਤੀਜੀ ਸ਼ਿਫਟ ਸ਼ੁਰੂ ਕਰਨ ਲਈ ਆਪਣੇ ਚੇਨਈ ਪਲਾਂਟ ਵਿੱਚ ਕਰਮਚਾਰੀਆਂ ਦੀ ਗਿਣਤੀ 600 ਤੱਕ ਵਧਾ ਦਿੱਤੀ ਹੈ। ਕੰਪਨੀ ਇਹ ਨਹੀਂ ਮੰਨਦੀ ਕਿ 9,000 ਨੌਕਰੀਆਂ ਵਿੱਚ ਕਟੌਤੀ ਕਰਨ ਅਤੇ 20 ਫੀਸਦੀ ਤੱਕ ਗਲੋਬਲ ਉਤਪਾਦਨ ਘਟਾਉਣ ਦਾ ਭਾਰਤ ਤੇ ਕੋਈ ਅਸਰ ਪਵੇਗਾ, ਬਸ਼ਰਤੇ ਕੰਪਨੀ ਬਾਜ਼ਾਰ ਵਿੱਚ ਪ੍ਰਤੀਯੋਗੀ ਬਣੀ ਰਹੇ।

ਉਨ੍ਹਾਂ ਨੇ ਕਿਹਾ, ਨਿਸਾਨ ਭਾਰਤ ਤੇ ਵੱਡੀ ਸੱਟਾ ਲਗਾ ਰਿਹਾ ਹੈ... ਅਤੇ ਵਿਸ਼ਵ ਪੱਧਰ ਤੇ ਗੜਬੜ ਦੇ ਬਾਵਜੂਦ ਭਾਰਤ ਲਈ ਇਸ ਦੀਆਂ ਯੋਜਨਾਵਾਂ ਬਰਕਰਾਰ ਹਨ।ਟੋਰੇਸ ਨੇ ਕਿਹਾ, ਧਾਰਨਾ ਦੇ ਉਲਟ, ਭਾਰਤ ਵਿਚ ਅਸੀਂ ਆਪਣੇ ਕਰਮਚਾਰੀਆਂ ਅਤੇ ਉਤਪਾਦਨ ਨੂੰ ਵਧਾ ਰਹੇ ਹਾਂ। ਅਸੀਂ ਚੇਨਈ ਵਿੱਚ ਸਾਡੇ ਨਿਰਮਾਣ ਪਲਾਂਟ ਵਿੱਚ ਲਗਭਗ 600 ਨਵੇਂ ਕਰਮਚਾਰੀ ਸ਼ਾਮਲ ਕੀਤੇ ਹਨ।

ਉਨ੍ਹਾਂ ਨੇ ਕਿਹਾ, ਇਹ ਕਦਮ ਉਤਪਾਦਨ ਸ਼ਿਫਟ ਚ ਮਦਦ ਕਰੇਗਾ। ਵਿਸ਼ਵ ਪੱਧਰ ਤੇ ਪੁਨਰਗਠਨ ਦੇ ਉਪਾਵਾਂ ਤੋਂ ਇਲਾਵਾ, ਅਸੀਂ ਦੋ ਨਵੇਂ ਮਾਡਲਾਂ ਦੇ ਨਾਲ ਬਹੁਤ ਜਲਦੀ ਇੱਥੇ ਉਤਪਾਦਨ ਦਾ ਵਿਸਥਾਰ ਕਰਨ ਜਾ ਰਹੇ ਹਾਂ। ਅਸੀਂ ਨਹੀਂ ਸੋਚਦੇ ਕਿ ਸੰਸਾਰਕ ਉਥਲ–ਪੁਥਲ ਦਾ ਭਾਰਤ ਤੇ ਕੋਈ ਅਸਰ ਪਵੇਗਾ ਕਿਉਂਕਿ ਸਾਡੀਆਂ ਯੋਜਨਾਵਾਂ ਪਹਿਲਾਂ ਵਾਂਗ ਹੀ ਰਹਿੰਦੀਆਂ ਹਨ।

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਪ੍ਰਤੀਯੋਗੀ ਬਣੇ ਰਹਿਣਾ ਸਾਡੀ ਤਰਜੀਹ ਹੈ। ਕਿਉਂਕਿ, ਆਖਰਕਾਰ, ਇਹ ਉਹ ਹੈ ਜੋ ਨਿਸਾਨ ਵਿੱਚ ਸਭ ਤੋਂ ਮਹੱਤਵਪੂਰਨ ਮੰਨਿਆ ਜਾਂਦਾ ਹੈ।

ਇਸ ਸਾਲ ਜੁਲਾਈ ਵਿੱਚ, ਨਿਸਾਨ ਇੰਡੀਆ ਨੇ ਕਿਹਾ ਸੀ ਕਿ ਉਹ ਅਗਲੇ 30 ਮਹੀਨਿਆਂ ਵਿੱਚ ਪੰਜ ਮਾਡਲਾਂ ਨੂੰ ਲਾਂਚ ਕਰਨ ਦੀ ਯੋਜਨਾ ਬਣਾ ਰਹੀ ਹੈ ਕਿਉਂਕਿ ਉਹ ਤੇਜ਼ੀ ਨਾਲ ਵਧ ਰਹੇ ਭਾਰਤੀ ਕਾਰ ਬਾਜ਼ਾਰ ਵਿੱਚ ਆਪਣੇ ਸੰਚਾਲਨ ਨੂੰ ਬਦਲਣਾ ਚਾਹੁੰਦਾ ਹੈ।

ਕੰਪਨੀ ਨੇ ਅਗਲੇ ਵਿੱਤੀ ਸਾਲ 2025–26 ਦੇ ਅੰਤ ਤੱਕ ਘਰੇਲੂ ਅਤੇ ਨਿਰਯਾਤ ਦੀ ਮਾਤਰਾ ਨੂੰ ਇੱਕ ਲੱਖ ਰੁਪਏ ਸਾਲਾਨਾ ਕਰਨ ਦਾ ਟੀਚਾ ਰੱਖਿਆ ਹੈ।ਉਸੇ ਸਮੇਂ, ਇਸ ਸਾਲ ਨਵੰਬਰ ਵਿੱਚ, ਨਿਸਾਨ ਨੇ ਐਲਾਨ ਕੀਤਾ ਸੀ ਕਿ ਉਹ ਆਪਣੀ ਤਬਦੀਲੀ ਯੋਜਨਾ ਦੇ ਹਿੱਸੇ ਵਜੋਂ ਵਿਸ਼ਵ ਪੱਧਰ ਤੇ 9,000 ਕਰਮਚਾਰੀਆਂ ਦੀ ਛਾਂਟੀ ਕਰੇਗੀ ਅਤੇ ਉਤਪਾਦਨ ਵਿੱਚ 20 ਪ੍ਰਤੀਸ਼ਤ ਦੀ ਕਮੀ ਕਰੇਗੀ।ਇਨ੍ਹਾਂ ਕਦਮਾਂ ਨਾਲ, ਕੰਪਨੀ ਨੇ ਕਿਹਾ ਸੀ ਕਿ ਉਹ 400 ਬਿਲੀਅਨ ਯੇਨ (£2.6 ਬਿਲੀਅਨ) ਦੀ ਲਾਗਤ ਘਟਾਏਗੀ।ਟੋਰੇਸ ਨੇ ਕਿਹਾ, ਜਿੱਥੋਂ ਤੱਕ ਭਾਰਤ ਲਈ ਯੋਜਨਾਵਾਂ ਦਾ ਸਬੰਧ ਹੈ, ਉਹ ਪ੍ਰਭਾਵਿਤ ਨਹੀਂ ਹੋਣਗੀਆਂ ਅਤੇ ਇੱਥੇ ਕੋਈ ਖ਼ਤਰਾ ਜਾਂ ਪ੍ਰਭਾਵ ਨਹੀਂ ਹੈ।ਅਸੀਂ ਉਤਪਾਦਨ, ਲਾਗਤ ਅਤੇ ਸਾਡੇ ਭਾਈਵਾਲਾਂ, ਸਪਲਾਇਰਾਂ ਅਤੇ ਡੀਲਰਾਂ ਸਮੇਤ ਹੋਰ ਸਾਰੇ ਮਾਪਦੰਡਾਂ ਤੇ ਪ੍ਰਤੀਯੋਗੀ ਬਣੇ ਰਹਿਣ ਲਈ ਕੰਮ ਕਰਨਾ ਜਾਰੀ ਰੱਖਾਂਗੇ।

# ਵਾਰਡ ਨੰਬਰ 9 ਤੋਂ ਜਨਤਾ ਦਾ ਮਿਲ ਰਿਹਾ ਹੈ ਭਰਪੂਰ ਸਾਥ- ਬੋਪਾਰਾਏ



ਅੰਮ੍ਰਿਤਸਰ, (ਲੋਕ ਬਾਣੀ)– ਨਗਰ ਨਿਗਮ ਚੋਣਾਂ ਨੂੰ ਲੈ ਕੇ ਗੁਰੂ ਨਗਰੀ ਦੀਆਂ 85 ਵਾਰਡਾਂ ਦੇ ਵਿੱਚ ਚੋਣ ਅਖਾੜਾ ਪੂਰੀ ਤਰ੍ਹਾਂ ਭੱਖ ਚੁੱਕਾ ਹੈ। ਵਾਰਡ ਨੰਬਰ 9 ਦੀ ਗੱਲ ਕਰੀਏ ਤਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਅਰਮੀਤ ਕੌਰ ਨੂੰ ਚੋਣ ਮੁਹਿੰਮ ਦੇ ਦੌਰਾਨ ਭਾਰੀ ਹੁੰਗਾਰਾ ਮਿਲਦਾ ਨਜ਼ਰ ਆ ਰਿਹਾ ਹੈ। ਇਲਾਕਾ ਅਵਤਾਰ ਐਵਨੀਉ, ਗੁਰੂ ਗੋਬਿੰਦ ਸਿੰਘ ਨਗਰ ਵਿਖੇ ਡੋਰ ਟੂ ਡੋਰ ਪ੍ਰਚਾਰ ਕਰਦੇ ਹੋਏ ਉਮੀਦਵਾਰ ਅਰਮੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਵਿੱਚ ਨਸ਼ੇ ਅਤੇ ਕ੍ਰਾਈਮ ਨੂੰ ਲੈ ਕੇ ਨੌਜਵਾਨਾਂ ਦਾ ਭਵਿੱਖ ਧੁੰਦਲਾ ਨਜ਼ਰ ਆ ਰਿਹਾ ਹੈ। ਵਿਕਾਸ ਕੰਮਾਂ ਦੇ ਨਾਲ ਨਾਲ ਵਾਰਡ ਵਿੱਚੋਂ ਨੌਜਵਾਨਾਂ ਨੂੰ ਨਸ਼ਾ ਰਹਿਤ ਕਰਨ ਵਿੱਚ ਹਮੇਸ਼ਾ ਪਹਿਲ ਦਿੱਤੀ ਜਾਵੇਗੀ। ਉਹਨਾਂ ਨੇ ਕਿਹਾ ਕਿ ਵਾਰਡ ਦੇ ਜਿਸ ਇਲਾਕੇ ਦੇ ਵਿੱਚ ਉਹ ਪਹੁੰਚੇ ਹਨ ਉੱਥੇ ਖਾਸ ਕਰਕੇ ਮਹਿਲਾਵਾਂ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ। ਜਿੱਤਣ ਤੋਂ ਬਾਅਦ ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਨੇ ਕਿਹਾ ਕਿ ਜਨਤਾ ਦੇ ਪਿਆਰ ਤੇ ਚੱਲਦਿਆਂ ਉਹਨਾਂ ਦੀ ਜਿੱਤ ਲਗਭਗ ਤੈਹ ਹੈ। ਉਮੀਦਵਾਰ ਦੇ ਪਤੀ ਅਮਨਦੀਪ ਸਿੰਘ ਬੋਪਾਰਾਏ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪਾਰਟੀ ਅਤੇ ਵਾਰਡ ਵਾਸੀਆਂ ਨੂੰ ਪਿਛਲੇ ਕਈ ਸਾਲਾਂ ਤੋਂ ਸਮਰਪਿਤ ਸੇਵਾਵਾਂ ਦੇ ਚੱਲਦਿਆਂ ਜਿਥੇ ਉਮੀਦਵਾਰ ਅਰਮੀਤ ਕੌਰ ਨੂੰ ਭਾਰੀ ਹੁੰਗਾਰਾ ਮਿਲ ਰਿਹਾ ਉੱਥੇ ਵਿਰੋਧੀਆਂ ਦੇ ਚਿਹਰਿਆਂ ਤੇ ਰੰਗ ਵੀ ਉੱਡ ਰਹੇ ਹਨ। ਚੋਣ ਪ੍ਰਚਾਰ ਦੇ ਦੌਰਾਨ ਸੁਰਿੰਦਰ ਸਿੰਘ,ਪਟਵਾਰੀ ਹਰਮਿੰਦਰ ਸਿੰਘ,ਨਰਿੰਦਰ ਸਿੰਘ,ਪਰਮਜੀਤ ਸਿੰਘ, ਲਖਬੀਰ ਸਿੰਘ ਗਿੱਲ, ਬਲਵਿੰਦਰ ਸਿੰਘ ਤੂੰਗ, ਕੰਵਲਜੀਤ ਕੌਰ,ਗੁਰਪ੍ਰੀਤ ਕੌਰ,ਬਬਲੀ,ਸੁਖਦੇਵ ਸਿੰਘ ਤੋਂ ਇਲਾਵਾ ਹੋਰ ਦਰਜਨਾਂ ਸਾਥੀ ਵੀ ਮੌਜੂਦ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਬੂਤਾਂ ਦੇ ਆਧਾਰ ਤੇ 99" ਦੀ ਵਿਦਿਆਰਥਣ ਨਾਲ ਜਿਨਸੀ ਸ਼ੋਸ਼ਣ ਮਾਮਲੇ ਚ ਕਾਨਪੁਰ ਦੇ 13♦ ਦਾ ਜੇਲ੍ਹ ਜਾਣਾ ਯਕੀਨੀ !

ਕਾਨਪੁਰ (ਸੁਨੀਲ ਬਾਜਪਾਈ) ਇੱਥੇ ਆਈਆਈਟੀ ਦੇ ਇੱਕ ਰਿਸਰਚ ਸਕਾਲਰ ਦਾ ਜਿਨਸੀ ਸ਼ੋਸ਼ਣ ਦਾ ਮਾਮਲਾ ਲਗਾਤਾਰ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਸ ਮਾਮਲੇ ਵਿੱਚ ਹੁਣ ਤੱਕ ਦੀ ਜਾਂਚ ਵਿੱਚ ਏਸੀਪੀ ਮੋਹਸਿਨ ਖ਼ਾਨ ਵੀ ਸੀਸੀਟੀਵੀ ਕੈਮਰਿਆਂ ਵਿੱਚ ਆਉਂਦੇ-ਜਾਂਦੇ ਨਜ਼ਰ ਆਏ ਹਨ। ਉਸ ਖਿਲਾਫ ਹੋਰ ਵੀ ਕਈ ਸਬੂਤ ਮਿਲੇ ਹਨ। ਇਸ ਤੋਂ ਇਲਾਵਾ ਵਿਦਿਆਰਥੀ ਨੇ ਪੁਲਿਸ ਟੀਮ ਨੂੰ ਕਈ ਆਡੀਓ ਵੀਡੀਓ ਕਲਿੱਪ ਵੀ ਉਪਲਬਧ ਕਰਵਾਏ ਹਨ। ਇਸ ਦੇ ਨਾਲ ਹੀ ਵਿਦਿਆਰਥਣ ਦਾ ਮੈਡੀਕਲ ਕਰਵਾ ਕੇ ਬਿਆਨ ਦਰਜ ਕਰਨ ਦੀ ਪ੍ਰਕਿਰਿਆ ਨੂੰ ਵੀ ਅੰਤਿਮ ਰੂਪ ਦਿੱਤਾ ਗਿਆ ਹੈ।




ਇਸ ਘਟਨਾ ਤੋਂ ਬਾਅਦ ਮੁਲਜ਼ਮ ਏਸੀਪੀ ਮੋਹਸਿਨ ਖ਼ਾਨ ਗ੍ਰਿਫ਼ਤਾਰੀ ਦੇ ਡਰੋਂ ਫ਼ਿਲਹਾਲ ਫਰਾਰ ਹੈ। ਕਿਉਂਕਿ ਸਬੂਤਾਂ ਦੇ ਆਧਾਰ ਤੇ ਉਸ ਦਾ ਜੇਲ੍ਹ ਜਾਣਾ ਤੈਅ ਮੰਨਿਆ ਜਾ ਰਿਹਾ ਹੈ। ਪੁਲਿਸ ਦੀ ਇੱਕ ਟੀਮ ਵੀ ਤਲਾਸ਼ ਵਿੱਚ ਲੱਗੀ ਹੋਈ ਹੈ।

ਚਰਚਾ ਦਾ ਵਿਸ਼ਾ ਬਣੇ ਇਸ ਮਾਮਲੇ ਵਿੱਚ ਪੁਲਿਸ ਦੀ ਕਾਰਵਾਈ ਲਗਾਤਾਰ ਜਾਰੀ ਹੈ।

ਇਸ ਮਾਮਲੇ ਵਿੱਚ ਐਸਆਈਟੀ ਅਤੇ ਫੋਰੈਂਸਿਕ ਟੀਮ ਪਿਛਲੇ ਸ਼ੁੱਕਰਵਾਰ ਨੂੰ ਆਈਆਈਟੀ ਹੋਸਟਲ ਪਹੁੰਚੀ ਅਤੇ ਕਰਮਚਾਰੀਆਂ ਅਤੇ ਵਿਦਿਆਰਥੀ ਨਾਲ ਗੱਲਬਾਤ ਕੀਤੀ। ਟੀਮ ਇੱਥੇ ਚਾਰ-ਪੰਜ ਘੰਟੇ ਰੁਕੀ।

ਇਸ ਦੌਰਾਨ ਵਿਦਿਆਰਥੀ ਨੇ ਸੋਸ਼ਲ ਮੀਡੀਆ ਤੇ ਮੁਲਜ਼ਮਾਂ ਨਾਲ ਕਾਲ ਰਿਕਾਰਡਿੰਗ, ਫੋਟੋਆਂ, ਵੀਡੀਓ ਅਤੇ ਚੈਟਿੰਗ ਵਰਗੇ ਸਬੂਤ ਐਸਆਈਟੀ ਨੂੰ ਸੌਂਪੇ ਸਨ। ਜਿਨਸੀ ਸ਼ੋਸ਼ਣ ਦੀ ਸ਼ਿਕਾਇਤ ਕਰਨ ਵਾਲੀ ਵਿਦਿਆਰਥਣ ਨੂੰ ਪੁਲਿਸ ਅਧਿਕਾਰੀ ਏਸੀਪੀ ਮੋਹਸਿਨ ਖ਼ਾਨ ਦੀ ਸੱਚਾਈ ਬਾਰੇ ਉਦੋਂ ਪਤਾ ਲੱਗਾ ਜਦੋਂ ਉਹ ਮੋਹਸਿਨ ਖ਼ਾਨ ਦੀ ਪਤਨੀ ਨੂੰ ਮਿਲਣ ਤੋਂ ਬਾਅਦ ਉਸ ਨੂੰ ਗਰਭਵਤੀ ਹੋਣ ਦੀ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ ਮੋਹਸਿਨ ਖਾਨ ਨੇ ਵਿਦਿਆਰਥੀ ਨਾਲ ਖ਼ੁਦ ਨੂੰ ਅਣਵਿਆਹਿਆ ਦੱਸਿਆ ਸੀ।

ਸੂਤਰਾਂ ਤੋਂ ਮਿਲੀ ਜਾਣਕਾਰੀ ਦੀ ਮੰਨੀਏ ਤਾਂ ਮੋਹਸਿਨ ਖਾਨ ਦੀ ਪਤਨੀ ਵੀ ਉਸ ਤੋਂ ਕਾਫੀ ਨਾਰਾਜ਼ ਹੈ, ਜਿਸ ਕਾਰਨ ਉਸ ਦੇ ਏ.ਸੀ.ਪੀ. ਮੋਹਸਿਨ ਖਾਨ ਨਾਲ ਸਬੰਧ ਚੰਗੇ ਨਹੀਂ ਹਨ। ਮੋਹਸਿਨ ਖਾਨ ਨੇ ਵਿਦਿਆਰਥੀ ਨੂੰ ਇਹ ਵੀ ਧੋਖਾ ਦਿੱਤਾ ਸੀ ਕਿ ਉਹ ਜਲਦੀ ਹੀ ਆਪਣੀ ਪਤਨੀ ਨੂੰ ਤਲਾਕ ਦੇ ਕੇ ਉਸ ਨਾਲ ਵਿਆਹ ਕਰ ਲਵੇਗਾ। ਅਤੇ ਜਦੋਂ ਉਹ, ਵਿਦਿਆਰਥੀ, ਨੌਕਰੀ ਕਰਨ ਲਈ ਵਿਦੇਸ਼ ਜਾਂਦੀ ਹੈ, ਤਾਂ ਉਹ (ਏਸੀਪੀ ਮੋਹਸਿਨ ਖਾਨ) ਉਸ ਦੇ ਨਾਲ ਵਿਦੇਸ਼ ਵਿੱਚ ਵੀ ਰਹੇਗਾ। ਵਿਦਿਆਰਥਣ ਅਨੁਸਾਰ ਕਈ ਤਰ੍ਹਾਂ ਦੇ ਝੂਠੇ ਵਾਅਦਿਆਂ ਕਾਰਨ ਉਹ ਏਸੀਪੀ ਮੋਹਸੀਨ ਖ਼ਾਨ ਦੇ ਜਾਲ ਵਿੱਚ ਫਸ ਗਈ।

ਏਸੀਪੀ ਮੋਹਸਿਨ ਖਾਨ ਵੀ ਵਿਦਿਆਰਥੀ ਦੇ ਲਗਾਤਾਰ ਸੰਪਰਕ ਵਿੱਚ ਰਹੇ। ਇਸ ਮਾਮਲੇ ਦੀ ਜਾਂਚ ਕਰ ਰਹੀ ਟੀਮ ਨੂੰ ਏਸੀਪੀ ਮੋਹਸਿਨ ਖਾਨ ਵੱਲੋਂ ਮਿਲੇ ਆਈਡੀ ਕਾਰਡ ਵਿੱਚ ਐਮਰਜੈਂਸੀ ਨੰਬਰ ਸਲਾਟ ਵਿੱਚ ਲਿਖਿਆ ਵਿਦਿਆਰਥੀ ਦਾ ਮੋਬਾਈਲ ਨੰਬਰ ਮਿਲਿਆ ਹੈ।

ਸੂਤਰਾਂ ਦੀ ਮੰਨੀਏ ਤਾਂ ਦੋਸ਼ੀ ਏਸੀਪੀ ਮੋਹਸਿਨ ਖਾਨ ਦੇ ਖਿਲਾਫ ਹੁਣ ਤੱਕ ਜੋ ਵੀ ਤੱਥ ਸਾਹਮਣੇ ਆਏ ਹਨ। ਉਸ ਮੁਤਾਬਕ ਉਸ ਦਾ ਜੇਲ੍ਹ ਜਾਣਾ ਤੈਅ ਮੰਨਿਆ ਜਾ ਰਿਹਾ ਹੈ। ਇਹੀ ਕਾਰਨ ਹੈ ਕਿ ਐਫਆਰਆਰ ਦਰਜ ਹੋਣ ਤੋਂ ਬਾਅਦ ਉਹ ਲਾਪਤਾ ਹੈ। ਉਨ੍ਹਾਂ ਦੀ ਭਾਲ ਲਈ ਪੁਲਿਸ ਟੀਮ ਵੀ ਤਾਇਨਾਤ ਕੀਤੀ ਗਈ ਹੈ।

# ਉੱਪ ਮੰਡਲ ਫੂਲ ਵਿਖੇ ਕੌਮੀ ਲੋਕ ਅਦਾਲਤ ਮੌਕੇ 199 ਕੇਸਾਂ ਦੀ ਸੁਣਵਾਈ ਕੀਤੀ ਗਈ




ਬਠਿੰਡਾ, (ਲੋਕ ਬਾਣੀ) ਫੂਲ ਟਾਊਨ: ਬੀਤੇ ਦਿਨੀਂ 14 ਦਸੰਬਰ 2024 ਨੂੰ ਮਾਣਯੋਗ ਕਾਰਜਕਾਰੀ ਚੇਅਰਮੈਨ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ, ਜਸਟਿਸ ਜੀ. ਐੱਸ. ਸੰਧਾਵਾਲੀਆ ਜੀ, ਜੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਸ਼੍ਰੀ. ਸੁਮਿਤ ਮਲਹੋਤਰਾ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਜੀ ਦੀ ਯੋਗ ਅਗਵਾਈ ਹੇਠ, ਉਪ ਮੰਡਲ ਫੂਲ ਵਿਖੇ ਕੌਮੀ ਲੋਕ ਅਦਾਲਤ ਦੇ ਬੈਂਚ ਦਾ ਗਠਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸ਼੍ਰੀਮਤੀ ਮਮਤਾ ਕੱਕੜ, ਪੀ.ਸੀ.ਐਸ. ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ ਫੂਲ ਨੇ ਕੀਤੀ ਅਤੇ ਸ਼੍ਰੀਮਤੀ ਰਾਜਵਿੰਦਰ ਕੌਰ ਐਡਵੋਕੇਟ, ਸ਼੍ਰੀ ਸੁਨੀਲ ਕੁਮਾਰ ਨੇ ਬਤੌਰ ਮੈਂਬਰ ਉਕਤ ਬੈਂਚ ਵਿੱਚ ਸ਼ਾਮਿਲ ਹੋਏ। ਉਕਤ ਬੈਂਚ ਵਿੱਚ ਕੁੱਲ 199 ਕੇਸਾਂ (ਸਿਵਲ ਰਿਕਵਰੀ ਸੂਟ, ਰੈਂਟ ਪਟੀਸ਼ਨਾਂ, ਦੀਵਾਨੀ ਫੁਟਕਲ ਅਰਜ਼ੀ, ਫੌਜਦਾਰੀ ਰਾਜ਼ੀਨਾਮੇ ਯੋਗ ਕੇਸ ਅਤੇ ਬੈਂਕ ਰਿਕਵਰੀ ਅਤੇ ਬੀ.ਐਸ.ਐਨ.ਐਲ ਕੇਸਾਂ ਨਾਲ ਸਬੰਧਤ ਮੁਕੱਦਮੇ) ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਸ ਵਿੱਚੋਂ 117 ਰੈਗੂਲਰ ਕੇਸ ਅਤੇ 03 ਪ੍ਰੀਲਿਟੀਗੈਟਵ ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਕੁੱਲ ਰਕਮ 2,28,50,461/- ਰੁਪਏ ਦਾ ਅਵਾਰਡ ਪਾਸ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ
www.lokbani

# ਡੀਏਵੀ ਸਕੂਲ ਦੀਨਾਨਗਰ ਦਾ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ

ਦੀਨਾਨਗਰ, ( ਡਾ.ਰਮੇਸ਼ ਸਰੰਗਲ )- ਐਸ ਐਸ ਡੀਏਵੀ ਸੀਨੀਅਰ ਸੈਕੰਡਰੀ ਸਕੂਲ ਦੀਨਾਨਗਰ ਦਾ ਸਲਾਨਾ ਇਨਾਮ ਵੰਡ ਸਮਾਰੋਹ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਰਵਿੰਦ ਮਹਿਤਾ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸਾਰਵਦੇਸ਼ਿਕ ਆਰੀਆ ਪ੍ਰਤੀਨਿਧੀ ਸਭਾ ਨਵੀਂ ਦਿੱਲੀ ਦੇ ਪ੍ਰਧਾਨ ਸਵਾਮੀ ਆਰੀਆਵੇਸ਼ ਜੀ ਹਾਜਰ ਹੋਏ ਜਦੋਂਕਿ ਸਾਰਵਦੇਸ਼ਿਕ ਆਰੀਆ ਪ੍ਰਤੀਨਿਧੀ ਸਭਾ ਨਵੀਂ ਦਿੱਲੀ ਦੇ ਜਨਰਲ ਸਕੱਤਰ ਸਵਾਮੀ ਅਦਿੱਤਯਾਵੇਸ਼ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਹਾਜਰ ਹੋਏ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਰਵਿੰਦ ਮਹਿਤਾ, ਸਕੱਤਰ ਮਧੁਰ ਭਾਸ਼ਿਣੀ, ਸੁਮਤੀ ਜੀ, ਪ੍ਰਿੰਸੀਪਲ ਸੁਸ਼ੀਲ ਕੁਮਾਰ ਅਤੇ ਵਾਈਸ ਪ੍ਰਿੰਸੀਪਲ ਰਚਨਾ ਸੈਣੀ ਵੱਲੋਂ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਜੀ ਆਇਆਂ ਆਖਿਆ ਗਿਆ ਜਿਸ ਮਗਰੋਂ ਮੁੱਖ ਮਹਿਮਾਨ ਤੇ ਹੋਰਨਾਂ ਮਹਿਮਾਨਾਂ ਵੱਲੋਂ ਜੋਤੀ ਰੌਸ਼ਨ ਕਰਨ ਤੇ ਵੇਦ ਮੰਤਰਾਂ ਦੇ ਉਚਾਰਣ ਨਾਲ ਸਮਾਗਮ ਦੀ ਸ਼ੁਰੂਆਤ ਹੋਈ ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਰੰਗਾਰੰਗ, ਦੇਸ਼ ਭਗਤੀ ਤੇ ਅਧਾਰਿਤ ਅਤੇ ਸੱਭਿਆਚਾਰ ਨੂੰ ਦਰਸ਼ਾਉਂਦੇ ਵੰਨ ਸੁਵੰਨੇ ਸ਼ਾਨਦਾਰ ਪ੍ਰੋਗਰਾਮ ਪੇਸ਼ ਕੀਤੇ ਜਿਸ ਵਿੱਚ ਗਣੇਸ਼ ਸਤੂਤੀ, ਸਰਸਵਤੀ ਵੰਦਨਾ, ਜੱਲਿਆਂਵਾਲਾ ਬਾਗ ਦੀ ਪੇਸ਼ਕਾਰੀ, ਰਾਜਸਥਾਨੀ ਨਾਚ, ਪੰਜਾਬ ਲੋਕ ਨਾਚ, ਗਿੱਧਾ ਤੇ ਭੰਗੜਾ ਦੀਆਂ ਆਈਟਮਾਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ ਸਕੂਲ ਪ੍ਰਿੰਸੀਪਲ ਸੁਸ਼ੀਲ ਕੁਮਾਰ ਵੱਲੋਂ ਸਕੂਲ ਦੀਆਂ ਸਲਾਨਾ ਪ੍ਰਾਪਤੀਆਂ ਦੇ ਲੇਖਾ ਜੋਖਾ ਪੇਸ਼ ਕਰਨ ਮਗਰੋਂ ਸਕੂਲ ਦੇ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹਿਣ ਦੇ ਇਲਾਵਾ ਹੋਰਨਾਂ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ

ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਮੌਕੇ ਮੁੱਖ ਮਹਿਮਾਨ ਸਵਾਮੀ ਆਰੀਆਵੇਸ਼ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਤੋਂ ਸਾਫ ਝਲਕਦਾ ਹੈ ਕਿ ਉਹ ਸਕੂਲ ਅੰਦਰ ਚੰਗੀ ਸਿੱਖਿਆ, ਨੈਤਿਕ ਗੁਣ ਅਤੇ ਦੇਸ਼ ਭਗਤੀ ਦੇ ਗੁਣ ਹਾਸਲ ਕਰ ਰਹੇ ਹਨ ਬੱਚਿਆ ਨੂੰ ਵੀ ਦੇਸ਼ ਦੇ ਚੰਗੇ ਨਾਗਰਿਕ ਬਣ ਕੇ ਦੇਸ਼ ਦੁਨੀਆਂ ਅੰਦਰ ਇਹਨਾਂ ਗੁਣਾਂ ਪਸਾਰ ਕਰਕੇ ਅਪਣੇ ਮਾਤਾ ਪਿਤਾ ਦੇ ਨਾਲ ਨਾਲ ਸਕੂਲ ਦਾ ਨਾਂ ਰੌਸ਼ਨ ਕਰਨਾ ਚਾਹੀਦਾ ਹੈ ਅੰਤ ਵਿੱਚ ਸਕੂਲ ਵੱਲੋਂ ਮੁੱਖ ਮਹਿਮਾਨ ਸਣੇ ਹੋਰਨਾਂ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਸਮਾਗਮ ਦੌਰਾਨ ਮੰਚ ਦਾ ਸੰਚਾਲਨ ਪੂਜਾ ਸ਼ਰਮਾ ਵੱਲੋਂ ਕੀਤਾ ਗਿਆ।




ਰੋਜ਼ਾਨਾ ਲੋਕ ਬਾਣੀ
www.lokbani

# ਸਵਾਮੀ ਵਿਸ਼ਵ ਚੈਤੰਨਯ ਜੀ ਦਾ ਦੀਪ ਠਾਕੁਰ ਦੇ ਗ੍ਰਹਿ ਵਿਖੇ ਕੇਕ ਕੱਟ ਕੇ ਮਨਾਇਆ ਜਨਮ ਦਿਨ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਦੀਨਾਨਗਰ ਦੇ ਮੁਗਰਾਲਾ ਬਾਈਪਾਸ ਤੇ ਸਥਿਤ ਦੀਪ ਠਾਕੁਰ ਅਤੇ ਠਾਕੁਰ ਸੁਖਵਿੰਦਰ ਸਿੰਘ ਦੇ ਗ੍ਰਹਿ ਨਿਵਾਸ ਤੇ ਪ੍ਰਸਿੱਧ ਸਵਾਮੀ ਵਿਸ਼ਵ ਚੈਤੰਨਯ ਜੀ ਮਥੁਰਾ (ਉਤਰ ਪ੍ਰਦੇਸ਼ ) ਦੇ ਜਨਮ ਦਿਵਸ ਨੂੰ ਲੈ ਕੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਮਹਾਰਾਜ ਸਵਾਮੀ ਵਿਸ਼ਵ ਚੈਤੰਨਯ ਜੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਤੇ ਦੀਪ ਠਾਕੁਰ ਵੱਲੋਂ ਆਪਣੇ ਗ੍ਰਹਿ ਵਿਖੇ ਰੱਖੇ ਗਏ ਪ੍ਰੋਗਰਾਮ ਦੌਰਾਨ ਮਹਾਰਾਜ ਪ੍ਰਸਿੱਧ ਸਵਾਮੀ ਵਿਸ਼ਵ ਚੈਤੰਨਯ ਜੀ ਦੇ ਜਨਮ ਦਿਹਾੜੇ ਤੇ ਕੇਕ ਕੱਟ ਕੇ ਖੁਸ਼ੀ ਪ੍ਰਗਟ ਕੀਤੀ ਗਈ ਅਤੇ ਘਰ ਪਹੁੰਚਣ ਤੇ ਜੋਰਦਾਰ ਸਵਾਗਤ ਕੀਤਾ ਗਿਆ । ਇਸ ਮੌਕੇ ਤੇ ਮਹਾਰਾਜ ਵਿਸ਼ਵ ਚੈਤੰਨਯ ਜੀ ਵੱਲੋਂ ਆਪਣੀ ਬਾਣੀ ਸਦਕਾ ਸੰਗਤਾਂ ਨੂੰ ਨਿਹਾਲ ਵੀ ਕੀਤਾ। ਇਸ ਮੌਕੇ ਤੇ ਸ੍ਰੀਮਤੀ ਸੁੱਖ ਰਾਣੀ, ਪ੍ਰਵੇਸ਼ ਧਨਵਾਲ, ਸੰਜੀਵ ਸ਼ਰਮਾ, ਰੇਨੂੰ ਸ਼ਰਮਾ, ਨੰਦਨੀ ਠਾਕੁਰ, ਜੈਵਰਧਨ ਠਾਕੁਰ, ਲੈਕਚਰਾਰ ਵਿਜੇ ਮਲਹੋਤਰਾ ਤੋ ਇਲਾਵਾ ਵੱਡੀ ਗਿਣਤੀ ਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ।

ਰੋਜ਼ਾਨਾ ਲੋਕ ਬਾਣੀ
www.lokbani

# ਗਿੱਦੜਬਾਹਾ ਦੇ ਪਿੰਡ ਛੱਤਿਆਣਾਂ ਦੇ ਬਾਬਾ ਗੁਲਾਬ ਦਾਸ ਸਪੋਰਟਸ ਕਲੱਬ ਵੱਲੋਂ ਇਕ ਰੋਜ਼ਾ ਓਪਨ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ

ਗਿੱਦੜਬਾਹਾ/(ਲੋਕ ਬਾਣੀ)/ਪਿੰਡ ਛੱਤਿਆਣਾਂ ਦੇ ਬਾਬਾ ਗੁਲਾਬ ਦਾਸ ਸਪੋਰਟਸ ਕਲੱਬ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾਂ ਦੇ ਖੇਡ ਗਰਾਊਂਡ ਵਿੱਚ ਕਾਸਕੋ ਕ੍ਰਿਕਟ ਟੀਮ ਦੇ ਉਪਰਾਲੇ ਨਾਲ ਇੱਕ ਰੋਜ਼ਾ ਓਪਨ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ ਕੁਲਦੀਪ ਸਿੰਘ ਕੀਪੂ, ਅਮਨਦੀਪ ਸਿੰਘ ਅਤੇ ਮਨਜਿੰਦਰ ਸਿੰਘ ਫੌਜੀ ਕਨੇਡਾ ਨੇਂ ਦੱਸਿਆ ਕਿ ਇੱਕ ਰੋਜ਼ਾ ਖੇਡ ਟੂਰਨਾਮੈਂਟ ਵਿੱਚ 12 ਟੀਮਾਂ ਜਿਨ੍ਹਾਂ ਵਿੱਚ ਭੰਗਚੜੀ, ਰੁਪਾਣਾ,ਔਲਖ, ਸ੍ਰੀ ਮੁਕਤਸਰ ਸਾਹਿਬ,ਖੁੰਡੇ ਹਲਾਲ ,ਤਾਮਕੋਟ, ਛੱਤਿਆਣਾਂ, ਲਾਲਬਾਈ,ਬਾਬਾ ਗੁਲਾਬ ਦਾ ਸਪੋਰਟਸ ਕਲੱਬ ਛੱਤਿਆਣਾਂ, ਦੂਹੇਵਾਲਾ,ਲਖਮੀਰੇਵਾਲਾ ਦੀਆਂ ਟੀਮਾਂ ਨੇ ਭਾਗ ਲਿਆ, ਜਿਨਾਂ ਵਿੱਚੋਂ ਭੰਗਚੜੀ ਦੀ ਟੀਮ ਨੇ ਪਹਿਲਾ ਸਥਾਨ, ਅਤੇ ਤਾਮਕੋਟ ਦੀ ਟੀਮ ਨੇ ਦੂਸਰਾ ਅਤੇ ਲਖਮੀਰੇਵਾਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਕਲੱਬ ਵੱਲੋਂ ਫੁੱਟਬਾਲ ਕੋਚ ਜਗਸੀਰ ਸਿੰਘ ਅਤੇ ਗੁਰਸੇਵਕ ਸਿੰਘ ਦਾ ਚਾਰ ਫੁੱਟੇ ਕੱਪ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ।



ਉਨ੍ਹਾਂ ਕਿਹਾ ਕਿ ਸਪੋਰਟਸ ਕਲੱਬ ਦੀ ਇਹ ਕੋਸ਼ਿਸ਼ ਹੈ ਕਿ ਨੌਜਵਾਨਾ ਨੂੰ ਖੇਡ ਗਰਾਊਂਡਾਂ ਅਤੇ ਖੇਡਾਂ ਨਾਲ ਜੋੜਿਆ ਜਾ ਸਕੇ, ਇਸ ਲਈ ਪਿੰਡਾਂ ਵਿੱਚ ਖੇਡ ਗਰਾਊਡਾ ਨੂੰ ਸੰਭਾਲ ਕੇ ਰੱਖਣਾ ਅਤੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅੱਜ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਅਸੀਂ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕਰ ਸਕੀਏ। ਇਸ ਮੌਕੇ ਵਕੀਲ ਸਿੰਘ ਕੀਲਾ ਸਰਪੰਚ, ਕੁਲਵਿੰਦਰ ਸਿੰਘ ਬਰਾੜ ਪੰਚ, ਬਲਜਿੰਦਰ ਸਿੰਘ ਪੰਚ, ਅਮਰਜੀਤ ਸਿੰਘ ਪੰਚ, ਗੁਰਮੇਲ ਸਿੰਘ ਮੈਂਬਰ ਪੰਚ, ਬਖਸ਼ੀਸ਼ ਸਿੰਘ ਮੈਂਬਰ ਪੰਚ, ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਜੇਤੂ ਟੀਮਾਂ ਨੂੰ ਪਿੰਡ ਦੀ ਪੰਚਾਇਤ ਅਤੇ ਲੋਕਲ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਅਤੇ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਨੀ ਸਾਹਿਬ ਚੰਦ,ਵਿਪਨ ਸਿੰਘ, ਗੁਰਪਿੰਦਰ ਸਿੰਘ, ਨਿਰਪ੍ਰੀਤ ਸਿੰਘ ਸੱਪ, ਰੁਪਿੰਦਰ ਸਿੰਘ,ਮਨੀ ਸਿੰਘ, ਅਨਮੋਲ ਸਿੰਘ,ਕਾਲੂ ਸਿੰਘ, ਦਿਲਪ੍ਰੀਤ ਸਿੰਘ ਤੋਂ ਇਲਾਵਾ ਸਮੂਹ ਖਿਡਾਰੀਆਂ ਦਾ ਵਿਸ਼ੇਸ਼ ਸਹਿਯੋਗ ਰਿਹਾ

ਰੋਜ਼ਾਨਾ ਲੋਕ ਬਾਣੀ www.lokbani

# ਵਾਰਡ ਨੰਬਰ 50 'ਚ 'ਆਪ' ਉਮੀਦਵਾਰ ਗੁਰਵਿੰਦਰ ਸਿੰਘ ਪਿੰਕਾ ਨੇ ਵਾਰਡ ਦੀ ਕਰਵਾਈ ਸਫਾਈ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹਿਰ ਦੇ ਵਾਰਡ ਨੰਬਰ 50 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਵਿੰਦਰ ਸਿੰਘ ਪਿੰਕਾ ਨੇ ਮੁਹੱਲਾ ਸਤਨਾਮਪੁਰਾ ਵਿਖੇ ਜੇਸੀਬੀ ਮਸ਼ੀਨ ਨਾਲ ਵਾਰਡ ਵਿੱਚ ਪਿਆ ਕੂੜਾ ਚੁਕਵਾਇਆ ਅਤੇ ਮੁਹੱਲੇ ਵਿੱਚ ਪਾਰਕ ਤੇ ਸੜਕਾਂ ਦੇ ਕਿਨਾਰਿਆਂ ਤੋਂ ਘਾਹ ਬੂਟੀ ਸਾਫ ਕਰਵਾਈ। ਗੁਰਵਿੰਦਰ ਸਿੰਘ ਪਿੰਕਾ ਨੇ ਭਰੋਸਾ ਦਿੱਤਾ ਕਿ ਅੱਗੇ ਤੋਂ ਵੀ ਵਾਰਡ ਦੀ ਬਿਹਤਰੀ ਲਈ ਉਪਰਾਲੇ ਜਾਰੀ ਰਹਿਣਗੇ। ਮੁਹੱਲੇ ਦੇ ਵਸਨੀਕਾਂ ਨੇ ਆਪ ਉਮੀਦਵਾਰ ਗੁਰਵਿੰਦਰ ਸਿੰਘ ਪਿੰਕਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਕੂੜੇ ਦੇ ਡੰਪ ਦੀ ਵਜ੍ਹਾ ਨਾਲ ਮੁਹੱਲੇ ਦੇ ਲੋਕ ਕਾਫੀ ਪਰੇਸ਼ਾਨ ਸਨ ਅਤੇ ਮੱਖੀ ਮੱਛਰਾਂ ਦੀ ਭਰਮਾਰ ਸੀ। ਉਹਨਾਂ ਭਰੋਸਾ ਜਤਾਇਆ ਕਿ ਗੁਰਵਿੰਦਰ ਸਿੰਘ ਪਿੰਕਾ ਕਾਰਪੋਰੇਸ਼ਨ ਬਣਨ ਤੋਂ ਬਾਅਦ ਵੀ ਇਸੇ ਤਨਦੇਹੀ ਨਾਲ ਵਾਰਡ ਦੇ ਲੋਕਾਂ ਦੀ ਸੇਵਾ ਵਿਚ ਤੱਤਪਰ ਰਹਿਣਗੇ।

ਰੋਜ਼ਾਨਾ ਲੋਕ ਬਾਣੀ www.lokbani

# ਪੈਨਸ਼ਨਰ ਦਿਵਸ ਮੌਕੇ ਤੇ ਜ਼ਿੰਦਗੀ ਦੀਆਂ ਅੱਸੀ ਬਹਾਰਾਂ ਮਾਣ ਚੁੱਕੇ ਪੈਨਸ਼ਨਰਾਂ ਨੂੰ ਕੀਤਾ ਸਨਮਾਨਿਤ

## ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਅਤੇ ਡੀ ਏ ਦੀਆਂ ਕਿਸ਼ਤਾਂ ਅਤੇ ਪਿਛਲੇ ਬਕਾਏ ਨਾ ਦੇਣ ਤੇ ਪੰਜਾਬ ਸਰਕਾਰ ਦੀ ਕੀਤੀ ਤਿੱਖੀ ਨਿਖੇਧੀ

ਫ਼ਗਵਾੜਾ:( ਸੁਸ਼ੀਲ ਸ਼ਰਮਾ )ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਨੇ ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ ਦੀ ਪ੍ਰਧਾਨਗੀ ਹੇਠ ਮਾਸਿਕ ਮੀਟਿੰਗ ਕਰਦੇ ਹੋਏ ਪੈਨਸ਼ਨਰ ਦਿਵਸ ਮਨਾਇਆ।ਇਸ ਸਮੇਂ ਸੰਬੋਧਨ ਕਰਦੇ ਹੋਏ ਸਰਪ੍ਰਸਤ ਕਰਨੈਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਪੈਨਸ਼ਨਰ ਦਿਵਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੈਂਨਸ਼ਨ ਦੀ ਸਹੂਲਤ ਭਾਰਤ ਵਿੱਚ ਭਾਵੇਂ ਬ੍ਰਿਟਿਸ਼ ਸਰਕਾਰ ਵਲੋਂ 1857 ਵਿੱਚ ਸ਼ੁਰੂ ਕੀਤੀ ਗਈ ਸੀ।ਇਸ ਸੰਬੰਧੀ 1871 ਵਿੱਚ ਬਰਤਾਨੀਆ ਦੀ ਤਰਜ਼ ਤੇ ਇੰਡੀਅਨ ਪੈਂਨਸ਼ਨ ਐਕਟ -1871 ਬਣਾਇਆ ਗਿਆ।ਐਕਟ ਬਣੇ ਹੋਣ ਦੇ ਬਾਵਜੂਦ ਵੀ 1972 ਵਿੱਚ ਸੇਵਾ ਮੁਕਤ ਹੋਏ ਇੱਕ ਸਰਕਾਰੀ ਮੁਲਾਜ਼ਮ ਡੀ ਐੱਸ ਨਕਾਰਾ ਨੂੰ ਪੈਂਨਸ਼ਨ ਦਾ ਹੱਕ ਪ੍ਰਾਪਤ ਕਰਨ ਲਈ 10 ਸਾਲ ਦੀ ਲੰਬੀ ਕਾਨੂੰਨੀ ਲੜਾਈ ਲੜ੍ਹਨੀ ਪਈ। ਜਿਸ ਦੇ ਸਿੱਟੇ ਵਜੋਂ ਸੁਪਰੀਮ ਕੋਰਟ ਨੇ 17 ਦਸੰਬਰ 1982 ਨੂੰ ਪੈਂਨਸ਼ਨ ਦੇਣ ਦਾ ਇਤਿਹਾਸਕ ਫੈਸਲਾ ਸੁਣਾਇਆ। ਪੈਨਸ਼ਨਰਾਂ ਵਲੋਂ ਸਮੁੱਚੇ ਦੇਸ਼ ਵਿੱਚ 17 ਦਸੰਬਰ 1983 ਤੋਂ ਪੈਨਸ਼ਨਰ ਦਿਵਸ ਮਨਾਉਣਾ ਸ਼ੁਰੂ ਕੀਤਾ ਗਿਆ। ਮੌਜੂਦਾ ਕਾਰਪੋਰੇਟ ਘਰਾਣਿਆਂ ਅਤੇ ਨਿੱਜੀਕਰਨ ਪੱਖੀ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਉਪਰੋਕਤ ਮਿਲਦੀ ਪੈਂਨਸ਼ਨ ਦੀ ਸਹੂਲਤ ਨੂੰ ਦੇਸ਼ ਦੇ ਖ਼ਜ਼ਾਨੇ ਤੇ ਵੱਡਾ ਬੋਝ ਦੱਸਦੇ ਹੋਏ ਸੀਮਤ ਉਮਰ ਹੱਦ ਤੱਕ ਪੈਂਨਸ਼ਨ ਦੇਣ ਲਈ ਪਾਸ ਕਰਨ ਲਈ ਗੰਭੀਰਤਾ ਨਾਲ ਲਗਾਤਾਰ ਯਤਨਸ਼ੀਲ ਹਨ ਤਾਂ ਜੋ ਪੈਨਸ਼ਨਰਾਂ ਨੂੰ ਬੁਢਾਪੇ ਵਿੱਚ ਦੁੱਖ ਤਕਲੀਫਾਂ ਝਲਦੇ ਹੋਏ ਮਰਨ ਲਈ ਮਜ਼ਬੂਰ ਕੀਤਾ ਜਾ ਸਕੇ। ਆਪਣੇ ਬੁਢਾਪੇ ਦੀ ਡੰਗੋਰੀ ਨੂੰ ਸੁਰੱਖਿਅਤ ਰੱਖਣ ਲਈ ਸਮੂਹ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਇੱਕ ਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਲਗਾਤਾਰ ਸੰਘਰਸ਼ਸ਼ੀਲ ਹੋਣ ਦੀ ਅਤਿ ਜ਼ਰੂਰਤ ਹੈ। ਜਨਵਰੀ 2004 ਤੋਂ ਨਿਯੁਕਤ ਮੁਲਾਜ਼ਮਾਂ ਦੀ ਪੁਰਾਣੀ ਪੈਂਨਸ਼ਨ ਸਕੀਮ ਤਾਂ ਭਾਜਪਾ ਸਰਕਾਰ ਵਲੋਂ ਪੂਰੇ ਦੇਸ਼ ਵਿੱਚ ਪਹਿਲਾਂ ਹੀ ਬੰਦ ਕੀਤੀ ਜਾ ਚੁੱਕੀ ਹੈ, ਆਪਣੇ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਵਾਉਣ ਲਈ ਮੁਲਾਜ਼ਮ ਕੌਮੀ ਪੱਧਰ ਤੱਕ ਲਗਾਤਾਰ ਸੰਘਰਸ਼ਸ਼ੀਲ ਹਨ। ਪ੍ਰਮੋਦ ਕੁਮਾਰ ਜੋਸ਼ੀ,ਸੀਤਲ ਰਾਮ ਲੋਈ, ਸੀਨੀਅਰ ਪੈਨਸ਼ਨਰ ਸਾਥੀ ਜਸਪਾਲ ਸਿੰਘ ਗਰੇਵਾਲ ਆਦਿ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਅਤੇ ਲਾਗੂ ਕਰਨ ਲਈ ਦਿਖਾਈ ਜਾ ਰਹੀ ਬੇਰੁਖੀ ਦੀ ਜ਼ੋਰਦਾਰ ਢੰਗ ਨਾਲ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਆਪਣੀ ਫ਼ੋਕੀ ਇਸ਼ਤਿਹਾਰਬਾਜ਼ੀ ਅਤੇ ਹੋਰ ਨਜਾਇਜ਼ ਕੀਤੇ ਜਾਂਦੇ ਫਜ਼ੂਲ ਖਰਚਿਆਂ ਨੂੰ ਬੰਦ ਕਰੇ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ,ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਪਿਛਲੇ ਬਕਾਏ ਤੁਰੰਤ ਦੇਵੇ, ਕੈਸ਼ ਲੈੱਸ ਹੈੱਲਥ ਸਕੀਮ ਚਾਲੂ ਕੀਤੀ ਜਾਵੇ, ਮੈਡੀਕਲ ਭੱਤਾ 2000/- ਰੁਪਏ ਮਹੀਨਾ ਤੁਰੰਤ ਕੀਤਾ ਜਾਵੇ,ਕੀਤੇ ਚੋਣ ਵਾਅਦੇ ਅਨੁਸਾਰ ਪੁਰਾਣੀ ਪੈਂਨਸ਼ਨ ਤੁਰੰਤ ਬਹਾਲ ਕੀਤੀ ਜਾਵੇ ਆਦਿ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਪ੍ਰੋਗਰਾਮ ਦੇ ਆਖ਼ਰ ਵਿੱਚ ਜ਼ਿੰਦਗੀ ਦੀਆਂ ਅੱਸੀ ਤੋਂ ਉੱਪਰ ਬਹਾਰਾਂ ਮਾਣ ਚੁੱਕੇ ਪੈਨਸ਼ਨਰਾਂ ਸ਼੍ਰੀ ਮਤੀ ਜਸਪਾਲ ਕੌਰ ਘੁੰਮਣ ,ਸ.ਜਸਪਾਲ ਸਿੰਘ ਗਰੇਵਾਲ ਅਤੇ ਪ੍ਰਿੰਸੀਪਲ ਸਰਵਣ ਸਿੰਘ ਨੂੰ ਮਾਣ ਤੇ ਸਤਿਕਾਰ ਸਹਿਤ ਮੋਮੈਂਟੋ-ਲੋਈ/ਸ਼ਾਲ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਕੁਲਦੀਪ ਸਿੰਘ ਕੌੜਾ ਜਨਰਲ ਸਕੱਤਰ ਨੇ ਦੱਸਿਆ ਕਿ ਇੱਕ ਵੱਖਰਾ ਮਤਾ ਪਾਸ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸੇਵਾ ਮੁਕਤ ਹੈਡਮਾਸਟਰ ਗੁਰਚਰਨ ਸਿੰਘ ਕੈਂਥ ਸੰਗ ਢੇਸੀਆਂ ਨੂੰ ਮੋਨ ਸ਼ਰਧਾਂਜਲੀ ਦਿੰਦੇ ਹੋਏ ਉਹਨਾਂ ਦੇ ਪਰਿਵਾਰਕ ਮੈਂਬਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਦੂਸਰਾ ਮਤਾ ਪਾਸ ਕਰਕੇ ਸ਼ੰਭੂ ਅਤੇ ਖਿਨੌਰੀ ਬਾਰਡਰਾਂ ਤੇ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਕਿਸਾਨਾਂ ਮਜਦੂਰਾਂ ਤੇ ਦਿੱਲੀ ਵੱਲ ਸ਼ਾਂਤਮਈ ਢੰਗ ਨਾਲ ਪੈਦਲ ਕੂਚ ਕਰਨ ਸਮੇਂ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ ਤੇ ਹਰਿਆਣਾ ਦੀ ਭਾਜਪਾ ਸਰਕਾਰ ਵਲੋਂ ਕਿਸਾਨਾਂ ਤੇ ਅੰਨ੍ਹਾ ਤਸ਼ੱਦਦ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ ਕਿਸਾਨਾਂ ਨੂੰ ਸ਼ਾਂਤਮਈ ਪੈਦਲ ਦਿੱਲੀ ਪੁੱਜ ਕੇ ਪ੍ਰਦਰਸ਼ਨ ਕਰਨ ਦਿੱਤਾ ਜਾਵੇ ਅਤੇ ਕੇਂਦਰ ਸਰਕਾਰ ਸੁਖਾਵੇਂ ਮਾਹੌਲ ਵਿੱਚ ਕਿਸਾਨਾਂ ਮਜ਼ਦੂਰਾਂ ਦੇ ਆਗੂਆਂ ਨਾਲ ਗੱਲਬਾਤ ਕਰਦੇ ਹੋਏ ਹੱਕੀ ਅਤੇ ਜ਼ਾਇਜ਼ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਦਾ ਤੁਰੰਤ ਐਲਾਨ ਕਰੇ। ਤੀਸਰਾ ਮਤਾ ਪਾਸ ਕਰਕੇ ਜਿਹਨਾਂ ਪੈਨਸ਼ਨਰ ਭੈਣ ਭਰਾਵਾਂ ਦਾ ਦਸੰਬਰ ਵਿੱਚ ਜਨਮ ਦਿਨ ਹੈ ਉਹਨਾਂ ਨੂੰ ਉਹਨਾਂ ਜਨਮ ਦਿਨ ਦੀਆਂ ਵਧਾਈਆਂ ਦਿੰਦੇ ਹੋਏ ਤੰਦਰੁਸਤੀ ਅਤੇ ਖੁਸ਼ੀਆਂ ਭਰਪੂਰ ਲੰਬੀ ਉਮਰ ਦੀ ਕਾਮਨਾ ਕੀਤੀ। ਸੀਤਲ ਰਾਮ ਬੰਗਾ ਵਲੋਂ ਆਪਣੇ ਜਨਮ ਦਿਨ ਦੀ ਸੁਭਾਗੀ ਖ਼ੁਸ਼ੀ ਦੇ ਮੌਕੇ ਤੇ ਸਮੂਹ ਮੈਂਬਰਾਂ ਨੂੰ ਚਾਹ ਪਾਣੀ ਪਿਆਉਣ ਅਤੇ ਮੂੰਹ ਮਿੱਠਾ ਕਰਵਾਉਣ ਲਈ ਐਸੋਸੀਏਸ਼ਨ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਆਖ਼ਰ ਵਿੱਚ ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ ਨੇ ਮਾਸਿਕ ਮੀਟਿੰਗ/ਪੈਨਸ਼ਨਰ ਦਿਵਸ ਵਿੱਚ ਸ਼ਾਮਲ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਸਮੇਂ ਧਰਮਵੀਰ ਨਾਰੰਗ,ਮੋਹਣ ਲਾਲ ਰਤਨ, ਹਰਭਜਨ ਲਾਲ ਕੌਲ, ਗੁਰਦੀਪ ਜੱਸੀ, ਗੁਰਨਾਮ ਸਿੰਘ ਸੈਣੀ, ਬਲਬੀਰ ਸਿੰਘ ਕੂਨਰ,ਹਰੀ ਰਾਮ ਚੋਟ,ਹਰੀ ਦੇਵ ਸ਼ਰਮਾ, ਮਨਿੰਦਰ ਕੁਮਾਰ ਸ਼ਰਮਾ, ਸ਼ਮੀ ਕੁਮਾਰ, ਸੁੱਚਾ ਰਾਮ ਬੰਗੜ, ਕੁਲਦੀਪ ਸਿੰਘ, ਸਤਪਾਲ ਸਿੰਘ ਖੱਟਕੜ,ਰਤਨ ਸਿੰਘ ਗੁਰਾਇਆ,ਕੇ.ਕੇ.ਪਾਂਡੇ ਆਦਿ ਜੁਝਾਰੂ ਪੈਨਸ਼ਨਰ ਸਾਥੀ ਹਾਜ਼ਰ ਸਨ।




ਰੋਜ਼ਾਨਾ ਲੋਕ ਬਾਣੀ www.lokbani

## ਗ੍ਰਾਮ ਪੰਚਾਇਤ ਢੱਕ ਪੰਡੋਰੀ ਦੀ ਪਹਿਲੀ ਮੀਟਿੰਗ 18 ਦਸੰਬਰ ਨੂੰ - ਸਰਪੰਚ ਵਿਜੇ ਕੁਮਾਰ




ਫਗਵਾੜਾ ( ਸੁਸ਼ੀਲ ਸ਼ਰਮਾ ) ਗ੍ਰਾਮ ਪੰਚਾਇਤ ਪਿੰਡ ਢੱਕ ਪੰਡੋਰੀ ਦੀ ਪਹਿਲੀ ਮੀਟਿੰਗ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਦੀ ਮੌਜੂਦਗੀ ਵਿਚ 18 ਦਸੰਬਰ ਦਿਨ ਬੁੱਧਵਾਰ ਨੂੰ ਹੋਵੇਗੀ। ਵਧੇਰੇ ਜਾਣਕਾਰੀ ਦਿੰਦੇ ਹੋਏ ਸਰਪੰਚ ਵਿਜੇ ਕੁਮਾਰ ਢੱਕ ਪੰਡੋਰੀ ਅਤੇ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਸਮੂਹ ਪੰਚਾਇਤ ਮੈਂਬਰ ਸ਼ਾਮਲ ਹੋਣਗੇ। ਮੀਟਿੰਗ ਦੌਰਾਨ ਪਿੰਡ ਦੇ ਵੱਖ-ਵੱਖ ਵਾਰਡਾਂ ਵਿਚ ਪਹਿਲ ਦੇ ਅਧਾਰ ਤੇ ਹੋਣ ਵਾਲੇ ਵਿਕਾਸ ਕਾਰਜਾਂ ਦੀ ਰਿਪੋਰਟ ਤਿਆਰ ਕੀਤੀ ਜਾਵੇਗੀ ਤਾਂ ਜੋ ਵਿਕਾਸ ਦੇ ਲੋੜੀਂਦੇ ਕੰਮ ਜਲਦੀ ਸ਼ੁਰੂ ਕਰਵਾਏ ਜਾ ਸਕਣ। ਉਹਨਾਂ ਨੇ ਦੱਸਿਆ ਕਿ ਪਿੰਡ ਵਿਚ ਸਟਰੀਟ ਲਾਈਟਾਂ ਲਗਾਉਣ, ਸੜਕ ਅਤੇ ਰਸਤਿਆਂ ਦੇ ਕੰਢੇ ਬੂਟੇ ਲਗਾਉਣ, ਵਾਰਡਾਂ ਵਿਚ ਸੀਵਰੇਜ ਦੀ ਸਮੱਸਿਆ, ਅਧੂਰੇ ਕਮਉਨਿਟੀ ਹਾਲ ਦੀ ਉਸਾਰੀ ਵਰਗੇ ਅਨੇਕਾਂ, ਪੰਚਾਇਤ ਘਰ ਤੇ ਪਾਰਕ ਆਦਿ ਹੋਰ ਸਮੱਸਿਆਵਾਂ ਬਾਰੇ ਵਿਚਾਰਾਂ ਕੀਤੀਆਂ ਜਾਣਗੀਆਂ। ਉਹਨਾਂ ਸਮੂਹ ਪੰਚਾਇਤ ਮੈਂਬਰਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਸਮੇਂ ਸਿਰ ਮੀਟਿੰਗ ਵਿਚ ਪਹੁੰਚਣ। ਮੀਟਿੰਗ ਦੀ ਜਗ੍ਹਾ ਅਤੇ ਸਮਾਂ ਨਿਜੀ ਤੌਰ ਤੇ ਪੰਚਾਇਤ ਮੈਂਬਰਾਂ ਨੂੰ ਦੱਸ ਦਿੱਤਾ ਜਾਵੇਗਾ।

## ਪ੍ਰਵਾਸੀ ਭਾਰਤੀ ਮਨਜੀਤ ਸਿੰਘ ਕਾਹਲੋਂ ਦੇ ਸਹਿਯੋਗ ਸਦਕਾ ਪੰਜ ਲੋੜਵੰਦ ਮਰੀਜਾਂ ਦੀਆਂ ਅੱਖਾਂ ਦੇ ਕਰਵਾਏ ਆਪ੍ਰੇਸ਼ਨ

ਫਗਵਾੜਾ ( ਸੁਸ਼ੀਲ ਸ਼ਰਮਾ ) ਜੱਥੇਦਾਰ ਰਣਜੀਤ ਸਿੰਘ ਰਾਣਾ ਸਮਾਜ ਸੇਵਕ ਪਿੰਡ ਸਾਹਨੀ ਦੀ ਪ੍ਰੇਰਣਾ ਸਦਕਾ ਪ੍ਰਵਾਸੀ ਭਾਰਤੀ ਮਨਜੀਤ ਸਿੰਘ ਕਾਹਲੋਂ ਵਲੋਂ ਲੋੜਵੰਦ ਮਰੀਜਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਸਥਾਨਕ ਸੁਪਰ ਆਈ ਕੇਅਰ ਹਸਪਤਾਲ ਪਟੇਲ ਨਗਰ ਫਗਵਾੜਾ ਵਿਖੇ ਕਰਵਾਏ ਗਏ। ਵਧੇਰੇ ਜਾਣਕਾਰੀ ਦਿੰਦਿਆਂ ਜੱਥੇਦਾਰ ਰਣਜੀਤ ਸਿੰਘ ਰਾਣਾ ਨੇ ਦੱਸਿਆ ਕਿ ਮੋਤੀਆਬਿੰਦ ਨਾਲ ਪੀੜ੍ਹਤ ਪੰਜ ਲੋੜਵੰਦ ਮਰੀਜਾਂ ਦੀਆਂ ਅੱਖਾਂ ਵਿਚ ਫੋਲਡੇਬਲ ਲੈਂਜ ਪਾ ਕੇ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਗਈ ਹੈ ਜਦਕਿ ਦੋ ਲੋੜਵੰਦਾਂ ਦੀਆਂ ਅੱਖਾਂ ਦੀ ਸਫਾਈ ਕਰਕੇ ਲੋੜ ਅਨੁਸਾਰ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ ਹਨ। ਉਹਨਾਂ ਦੱਸਿਆ ਕਿ ਐਨ.ਆਰ.ਆਈ. ਮਨਜੀਤ ਸਿੰਘ ਕਾਹਲੋਂ ਦੇ ਪਰਿਵਾਰ ਵਲੋਂ ਧਾਰਮਿਕ ਤੇ ਸਮਾਜਿਕ ਖੇਤਰ ਵਿਚ ਹਮੇਸ਼ਾ ਵਢਮੁੱਲਾ ਸਹਿਯੋਗ ਪ੍ਰਾਪਤ ਹੁੰਦਾ ਹੈ। ਉਹਨਾਂ ਵਲੋਂ ਕੀਤਾ ਗਿਆ ਇਹ ਉਪਰਾਲਾ ਲੋੜਵੰਦ ਮਰੀਜਾਂ ਲਈ ਬਹੁਤ ਹੀ ਲਾਹੇਵੰਦ ਹੈ। ਇਸ ਮੌਕੇ ਅੱਖਾਂ ਦੇ ਮਾਹਿਰ ਡਾ. ਵਰੁਣ ਸ਼ਰਮਾ (ਐਮ.ਬੀ.ਬੀ.ਐਸ., ਐਮ.ਐਸ.) ਨੇ ਮਰੀਜਾਂ ਨੂੰ ਅੱਖਾਂ ਦੀ ਸੰਭਾਲ ਬਾਰੇ ਜ਼ਰੂਰੀ ਹਦਾਇਤਾਂ ਦਿੱਤੀਆਂ ਅਤੇ ਕਿਹਾ ਕਿ ਅੱਖਾਂ ਦੀ ਕਿਸ ਬਿਮਾਰੀ ਨੂੰ ਲੈ ਕੇ ਲਾਪਰਵਾਹੀ ਨਹੀਂ ਵਰਤਣੀ ਚਾਹੀਦੀ ਹੈ। ਜੇਕਰ ਕੋਈ ਤਕਲੀਫ ਹੋਵੇ ਤਾਂ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਨਾਲ ਇਲਾਜ ਜ਼ਰੂਰ ਕਰਵਾਉਣਾ ਚਾਹੀਦਾ ਹੈ। ਪ੍ਰਵਾਸੀ ਭਾਰਤੀ ਮਨਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਭਵਿੱਖ ਵਿਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਟਹਿਲ ਸਿੰਘ, ਕੁਲਵੀਰ ਸਿੰਘ ਕਾਹਲੋਂ, ਤਰਲੋਚਨ ਸਿੰਘ ਪ੍ਰੇਮਪੁਰ, ਮਨਵੀਰ ਸਿੰਘ, ਬਲਵੀਰ ਚੰਦ, ਤਰਸੇਮ ਕੌਰ ਆਦਿ ਹਾਜਰ ਸਨ।



ਤਸਵੀਰ 001, ਕੈਪਸ਼ਨ- ਫਗਵਾੜਾ ਵਿਖੇ ਲੋੜਵੰਦ ਮਰੀਜਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਤੋਂ ਬਾਅਦ ਜ਼ਰੂਰੀ ਹਦਾਇਤ ਕਰਦੇ ਡਾ. ਵਰੁਣ ਸ਼ਰਮਾ ਦੇ ਨਾਲ ਪ੍ਰਵਾਸੀ ਭਾਰਤੀ ਮਨਜੀਤ ਸਿੰਘ ਕਾਹਲੋਂ, ਜਥੇਦਾਰ ਰਣਜੀਤ ਸਿੰਘ ਰਾਣਾ ਅਤੇ ਹੋਰ।

# ਗੁਰਦੀਪ ਸਿੰਘ ਕੰਗ ਨੂੰ ਮਿਲਿਆ ਇੰਡੀਅਨ ਪ੍ਰਾਈਡ ਐਵਾਰਡ

ਫਗਵਾੜਾ ( ਸੁਸ਼ੀਲ ਸ਼ਰਮਾ ) ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਵੱਲੋਂ ਬੀਤੇ ਐਤਵਾਰ ਹੋਟਲ ਰਾਇਲ ਕੈਸਲ ਅੰਮ੍ਰਿਤਸਰ ਵਿਖੇ ਕੌਮੀ ਪ੍ਰਧਾਨ ਆਰਤੀ ਰਾਜਪੂਤ ਦੀ ਪ੍ਰਧਾਨਗੀ ਹੇਠ ਆਯੋਜਿਤ ਅਵਾਰਡ ਫੰਕਸ਼ਨ ਦੌਰਾਨ ਕੌਂਸਲ ਦੇ ਫਗਵਾੜਾ ਪ੍ਰਧਾਨ ਗੁਰਦੀਪ ਸਿੰਘ ਕੰਗ ਨੂੰ ਸਮਾਜ ਪ੍ਰਤੀ ਸ਼ਾਨਦਾਰ ਸੇਵਾਵਾਂ ਨਿਭਾਉਣ ਲਈ ਇੰਡੀਅਨ ਪ੍ਰਾਈਡ ਅਵਾਰਡ-2024 ਨਾਲ ਸਨਮਾਨਿਤ ਕੀਤਾ ਗਿਆ। ਗੁਰਦੀਪ ਸਿੰਘ ਕੰਗ ਅਨੁਸਾਰ ਕੌਂਸਲ ਦੇ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਸਮਾਗਮ ਦੌਰਾਨ ਉਨ੍ਹਾਂ ਨੂੰ ਇਹ ਐਵਾਰਡ ਆਮ ਆਦਮੀ ਪਾਰਟੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ (ਰਿਟਾ. ਆਈ.ਪੀ.ਐਸ.) ਨੇ ਭੇਟ ਕੀਤਾ। ਕੁੰਵਰ ਵਿਜੇ ਪ੍ਰਤਾਪ ਨੇ ਗੁਰਦੀਪ ਸਿੰਘ ਕੰਗ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਹੁਤ ਘੱਟ ਲੋਕ ਹੁੰਦੇ ਹਨ ਜੋ ਕੁਦਰਤ ਦੀ ਤਰਫੋਂ ਦੂਜਿਆਂ ਦੀ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਕਰਦੇ ਹਨ। ਉਨ੍ਹਾਂ ਕੌਂਸਲ ਵਲੋਂ ਮਨੁੱਖੀ ਅਧਿਕਾਰਾਂ ਬਾਰੇ ਆਮ ਲੋਕਾਂ ਨੂੰ ਜਾਗਰੁਕ ਕਰਨ ਲਈ ਨਿਭਾਈ ਜਾ ਰਹੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ਗੁਰਦੀਪ ਸਿੰਘ ਕੰਗ ਨੇ ਇਸ ਅਵਾਰਡ ਲਈ ਕੌਮੀ ਪ੍ਰਧਾਨ ਆਰਤੀ ਰਾਜਪੂਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹਨਾਂ ਨੂੰ ਇਸ ਅਵਾਰਡ ਨਾਲ ਨਵਾਜਿਆ ਜਾਣਾ ਬਹੁਤ ਸਨਮਾਨ ਵਾਲੀ ਗੱਲ ਹੈ। ਇਸ ਨਾਲ ਉਹਨਾਂ ਨੂੰ ਹੋਰ ਵੀ ਤਨਦੇਹੀ ਨਾਲ ਸਮਾਜ ਸੇਵਾ ਅਤੇ ਮਨੁੱਖੀ ਅਧਿਕਾਰਾਂ ਪ੍ਰਤੀ ਸਮਾਜ ਨੂੰ ਜਾਗਰੁਕ ਕਰਨ ਦੀ ਪ੍ਰੇਰਣਾ ਮਿਲੇਗੀ। ਗੁਰਦੀਪ ਸਿੰਘ ਕੰਗ ਦੀ ਇਸ ਪ੍ਰਾਪਤੀ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਓ.ਬੀ.ਸੀ. ਸੈਲ ਦੇ ਪੰਜਾਬ ਪ੍ਰਧਾਨ ਅਮਰਜੀਤ ਨਿੱਝਰ ਅਤੇ ਸੂਬਾ ਸਕੱਤਰ ਪਰਮਿੰਦਰ ਸਿੰਘ ਸੈਣੀ ਅਤੇ ਗੌਤਮ ਰਾਏ ਉਪ ਪ੍ਰਧਾਨ ਪੰਜਾਬ ਨੇ ਉਹਨਾਂ ਨੂੰ ਆਪਣੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਗੁਰਦੀਪ ਸਿੰਘ ਕੰਗ ਅਨੁਸਾਰ ਉਕਤ ਅਵਾਰਡ ਸਮਾਗਮ ਵਿਚ ਅਸ਼ਵਨੀ ਕੁਮਾਰ, ਰੁਪੇਸ਼ ਧਵਨ, ਡਾ. ਰਾਹੁਲ ਜਾਮਵਾਲ, ਰਣਜੀਤ ਸਿੰਘ ਰਾਣਾ, ਆਰਤੀ ਕਪੂਰ, ਐਡਵੋਕੇਟ ਗੁਰਜੀਤ ਸਿੰਘ ਗੁੱਗ, ਪੰਕਜ ਗੋਸਵਾਮੀ, ਸੌਰਭ ਭਟਨਾਗਰ, ਸਤਵੰਤ ਕੌਰ ਜੌਹਲ, ਆਨੰਦ ਸ਼ਰਮਾ, ਅਭਿਸ਼ੇਕ ਕੁਮਾਰ ਸਿੰਘ ਤੋਂ ਇਲਾਵਾ ਪੰਜਾਬ, ਹਰਿਆਣਾ, ਦਿੱਲੀ, ਕਰਨਾਟਕ ਸਮੇਤ ਹੋਰ ਸੂਬਿਆਂ ਤੋਂ ਵੀ ਕੌਂਸਲ ਦੇ ਅਹੁਦੇਦਾਰ ਮੌਜੂਦ ਸਨ।









